ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

ਸਾਂਝੀ ਸੋਚ
SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-11 ISSUE 1792 | 5 July, 2024 Friday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

# ਹੇਮੰਤ ਸੋਰੇਨ ਨੇ ਝਾਰਖੰਡ ਦੇ ਮੁੱਖ ਮੰਤਰੀ ਵਜੋਂ ਚੁੱਕੀ ਸਹੁੰ, ਤੀਜੀ ਵਾਰ ਬਣੇ ਸੂਬੇ ਦੇ ਮੁੱਖ ਮੰਤਰੀ

ਰਾਂਚੀ
ਸਾਂਝੀ ਸੋਚ ਬਿਊਰੋ

ਹੇਮੰਤ ਸੋਰੇਨ ਨੇ ਵੀਰਵਾਰ ਸ਼ਾਮ ਨੂੰ ਝਾਰਖੰਡ ਦੇ 13ਵੇਂ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਝਾਰਖੰਡ ਦੇ ਰਾਜਪਾਲ ਸੀਪੀ ਰਾਧਾਕ੍ਰਿਸ਼ਨਨ ਨੇ ਸ਼ਾਮ 5 ਵਜੇ ਰਾਜ ਭਵਨ ਵਿੱਚ ਹੇਮੰਤ ਸੋਰੇਨ ਨੂੰ ਮੁੱਖ ਮੰਤਰੀ ਅਹੁਦੇ ਅਤੇ ਗੁਪਤਤਾ ਦੀ ਸਹੁੰ ਚੁਕਾਈ। ਸੋਰੇਨ ਤੀਜੀ ਵਾਰ ਝਾਰਖੰਡ ਦੇ ਮੁੱਖ ਮੰਤਰੀ ਬਣੇ ਹਨ। ਹੇਮੰਤ ਸੋਰੇਨ ਨੂੰ ਬੁੱਧਵਾਰ ਨੂੰ ਵਿਧਾਇਕ ਦਲ ਦਾ ਨੇਤਾ ਚੁਣਿਆ ਗਿਆ ਸੀ ਅਤੇ ਕੱਲ੍ਹ ਚੰਪਾਈ ਸੋਰੇਨ ਨੇ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। ਸੋਰੇਨ ਨੇ ਕੱਲ੍ਹ ਹੀ ਵਿਧਾਇਕਾਂ ਦਾ ਸਮਰਥਨ ਪੱਤਰ ਰਾਜਪਾਲ ਨੂੰ ਸੌਂਪਿਆ ਸੀ। ਇਸ ਤੋਂ ਪਹਿਲਾਂ ਦਿਨ ਵਿੱਚ ਜੇਐਮਐਮ ਨੇ ਕਿਹਾ ਸੀ ਕਿ ਰਾਜਪਾਲ ਸੀਪੀ ਰਾਧਾਕ੍ਰਿਸ਼ਨਨ ਨੇ ਹੇਮੰਤ ਸੋਰੇਨ ਨੂੰ ਰਾਜ ਵਿੱਚ ਸਰਕਾਰ ਬਣਾਉਣ ਲਈ ਸੱਦਾ ਦਿੱਤਾ ਹੈ ਅਤੇ ਉਹ 7 ਜੁਲਾਈ ਨੂੰ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ। ਬਾਅਦ ਵਿੱਚ ਜੇਐਮਐਮ ਨੇ ਫੈਸਲਾ ਕੀਤਾ ਕਿ ਸੋਰੇਨ ਅੱਜ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ। ਚੰਪਾਈ ਸੋਰੇਨ ਨੇ ਬੁੱਧਵਾਰ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। ਮਨੀ




ਲਾਂਡਰਿੰਗ ਮਾਮਲੇ 'ਚ ਜ਼ਮਾਨਤ 'ਤੇ ਰਿਹਾਅ ਹੋਏ ਹੇਮੰਤ ਸੋਰੇਨ ਨੇ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕੀਤਾ ਸੀ। ਜੇਐਮਐਮ ਦੀ ਅਗਵਾਈ ਵਾਲੇ ਗਠਜੋੜ ਦੇ ਇੱਕ ਵਫ਼ਦ ਨੇ ਬੁੱਧਵਾਰ ਨੂੰ ਰਾਜ ਭਵਨ ਵਿੱਚ ਰਾਜਪਾਲ ਰਾਧਾਕ੍ਰਿਸ਼ਨਨ ਨਾਲ ਮੁਲਾਕਾਤ ਕੀਤੀ ਸੀ। ਵਫ਼ਦ ਵਿੱਚ ਕਾਂਗਰਸ ਦੇ ਸੂਬਾ ਪ੍ਰਧਾਨ ਰਾਜੇਸ਼ ਠਾਕੁਰ, ਮੰਤਰੀ ਅਤੇ ਰਾਸ਼ਟਰੀ ਜਨਤਾ ਦਲ ਦੇ ਆਗੂ ਸਤਿਆਨੰਦ ਭੋਕਤਾ ਅਤੇ ਵਿਧਾਇਕ ਵਿਨੋਦ ਸਿੰਘ ਸ਼ਾਮਲ ਸਨ। ਵਫ਼ਦ ਵਿੱਚ ਹੇਮੰਤ ਸੋਰੇਨ ਦੀ ਪਤਨੀ ਅਤੇ ਗੰਡੇ ਦੀ ਵਿਧਾਇਕ ਕਲਪਨਾ ਸੋਰੇਨ ਵੀ ਸ਼ਾਮਲ ਸਨ।

# ਟੀ20 ਦੀ ਜੇਤੂ ਭਾਰਤੀ ਟੀਮ ਨਾਲ ਨਰਿੰਦਰ ਮੋਦੀ ਨੇ ਕੀਤੀ ਮੁਲਾਕਾਤ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਰੋਹਿਤ ਸ਼ਰਮਾ, ਵਿਰਾਟ ਕੋਹਲੀ, ਜਸਪ੍ਰੀਤ ਬੁਮਰਾਹ ਸਮੇਤ ਟੀਮ ਇੰਡੀਆ ਦੇ ਖਿਡਾਰੀ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਿਲਣ ਲਈ ਪੀਐਮ ਹਾਊਸ ਪਹੁੰਚੇ ਤਾਂ ਉਹ ਇੱਕ ਵੱਖਰੇ ਅੰਦਾਜ਼ ਵਿੱਚ ਨਜ਼ਰ ਆਏ। ਪੀਐਮ ਹਾਊਸ ਵਿੱਚ ਖਿਡਾਰੀਆਂ ਨਾਲ ਮੁਲਾਕਾਤ ਦਾ ਇੱਕ ਵੀਡੀਓ ਸਾਹਮਣੇ ਆਇਆ ਹੈ, ਜਿਸ ਵਿੱਚ ਪੀਐਮ ਮੋਦੀ ਉਨ੍ਹਾਂ ਦੇ ਤਜ਼ਰਬੇ ਬਾਰੇ ਜਾਣ ਰਹੇ ਹਨ। ਪ੍ਰਧਾਨ ਮੰਤਰੀ ਨੇ ਖਿਡਾਰੀਆਂ ਤੋਂ ਪੁੱਛਿਆ ਕਿ ਉਨ੍ਹਾਂ ਦਾ ਫਾਈਨਲ ਮੈਚ ਅਤੇ ਆਖਰੀ ਓਵਰ ਦਾ ਅਨੁਭਵ ਕਿਹੋ ਜਿਹਾ ਰਿਹਾ। ਪੀਐਮ ਮੋਦੀ ਨੇ ਕੋਚ ਰਾਹੁਲ ਦ੍ਰਾਵਿੜ ਸਮੇਤ ਪੂਰੀ ਟੀਮ ਦੇ ਖਿਡਾਰੀਆਂ ਨਾਲ ਕਰੀਬ ਦੋ ਘੰਟੇ ਤੱਕ ਗੱਲਬਾਤ ਕੀਤੀ। ਇਸ ਦੇ ਨਾਲ ਹੀ ਟੀਮ ਇੰਡੀਆ ਨਾਲ ਮੁਲਾਕਾਤ ਤੋਂ ਬਾਅਦ ਪੀਐਮ ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ **X** 'ਤੇ ਦੋ ਤਸਵੀਰਾਂ ਸ਼ੇਅਰ ਕੀਤੀਆਂ ਹਨ। ਇਸ 'ਤੇ ਵਿਰਾਟ ਕੋਹਲੀ ਨੇ ਵੀ ਪ੍ਰਤੀਕਿਰਿਆ ਦਿੱਤੀ ਹੈ। ਫੋਟੋ ਸ਼ੇਅਰ ਕਰਦੇ ਹੋਏ ਪੀਐਮ ਮੋਦੀ ਨੇ ਲਿਖਿਆ, ਸਾਡੇ ਚੈਂਪੀਅਨਾਂ ਨਾਲ ਬਹੁਤ ਵਧੀਆ ਮੁਲਾਕਾਤ ਹੋਈ। 7, ਲੋਕ ਕਲਿਆਣ ਮਾਰਗ 'ਤੇ ਵਿਸ਼ਵ



ਕੱਪ ਜੇਤੂ ਟੀਮ ਦੀ ਮੇਜ਼ਬਾਨੀ ਕੀਤੀ ਅਤੇ ਟੂਰਨਾਮੈਂਟ ਦੌਰਾਨ ਉਨ੍ਹਾਂ ਦੇ ਤਜ਼ਰਬਿਆਂ 'ਤੇ ਯਾਦਗਾਰੀ ਗੱਲਬਾਤ ਕੀਤੀ। ਟੀਮ ਇੰਡੀਆ ਦੇ ਸਟਾਰ ਬੱਲੇਬਾਜ਼ ਵਿਰਾਟ ਕੋਹਲੀ ਨੇ ਵੀ ਪੀਐਮ ਮੋਦੀ ਨਾਲ ਇਸ ਮੁਲਾਕਾਤ ਦੀ ਫੋਟੋ ਆਪਣੇ ਇੰਸਟਾਗ੍ਰਾਮ ਅਕਾਊਂਟ 'ਤੇ ਸ਼ੇਅਰ ਕੀਤੀ ਹੈ। ਕੋਹਲੀ ਨੇ ਆਪਣੀ ਪੋਸਟ ਦੇ ਕੈਪਸ਼ਨ 'ਚ ਲਿਖਿਆ, 'ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਿਲ ਕੇ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ। ਸਾਨੂੰ ਪ੍ਰਧਾਨ ਮੰਤਰੀ ਦੀ ਰਿਹਾਇਸ਼ 'ਤੇ ਬੁਲਾਉਣ ਲਈ ਸਰ ਤੁਹਾਡਾ ਧੰਨਵਾਦ।'

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont: 44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno: 4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration, Divorce, Custody and Support issues, Business Disputes, Living Trusts, Criminal Matters, Misdemeanors, DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
+1 (209) 303-1260 +91 81463-20009

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334 (916) 379-9700 (209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ® CalDRE # 02115235
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS
Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH
सांझी सोच

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਬਦਲ ਰਹੇ ਸਿਆਸੀ ਸਮੀਕਰਣ ਪੰਜਾਬ ਦੇ



SANJHI SOCH
ਗੁਰਮੀਤ ਸਿੰਘ ਪਲਾਹੀ
98158-02070

ਸੂਬੇ ਪੰਜਾਬ ਦੇ ਸਿਆਸੀ ਹਾਲਾਤ ਨਿੱਤ ਪ੍ਰਤੀ ਬਦਲ ਰਹੇ ਹਨ। ਪਾਰਲੀਮੈਂਟ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ (ਬ) ਨੇ ਬਹੁਤ ਕੁਝ ਗੁਆ ਲਿਆ ਹੈ, ਹੁਣ ਉਹ ਵੋਟ ਪ੍ਰਤੀਸ਼ਤ ਸ਼੍ਰੋਮਣੀ ਅਕਾਲੀ ਦੇ ਪੱਲੇ ਨਹੀਂ ਰਹੀ, ਜੋ ਕਦੇ ਉਸਦਾ ਇੱਕ ਇਲਾਕਾਈ ਪਾਰਟੀ ਦੇ ਤੌਰ 'ਤੇ ਪ੍ਰਭਾਵੀ ਸਿਆਸੀ ਪਾਰਟੀ ਵਾਲਾ ਅਕਸ ਉਭਾਰਦੀ ਸੀ।

ਪਾਰਲੀਮੈਂਟ ਚੋਣਾਂ ਉਪਰੰਤ ਪੰਜਾਬ 'ਚ ਪੰਜ ਜ਼ਿਮਨੀ ਚੋਣਾਂ ਹੋ ਰਹੀਆਂ ਹਨ। ਇਹਨਾ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ (ਬ) ਨੇ ਬਹੁਜਨ ਸਮਾਜ ਪਾਰਟੀ ਨਾਲ ਮੁੜ ਸਾਂਝ ਭਿਆਲੀ ਪਾਈ ਹੈ ਅਤੇ ਜਲੰਧਰ ਪੱਛਮੀ, ਚੱਬੇਵਾਲ (ਦੋਵੇਂ ਰਾਖਵੇਂ ਹਲਕੇ) ਚੋਣ ਹਲਕੇ ਤੋਂ ਬਸਪਾ ਚੋਣ ਲੜੇਗੀ ਅਤੇ ਡੇਰਾ ਬਾਬਾ ਨਾਨਕ, ਬਰਨਾਲਾ ਅਤੇ ਗਿੱਦੜਵਾਹਾ ਤੋਂ ਸੁਖਬੀਰ ਸਿੰਘ ਬਾਦਲ ਦੇ ਉਮੀਦਵਾਰ ਚੋਣ ਲੜਨਗੇ। ਇਹ ਜ਼ਿਮਨੀ ਚੋਣਾਂ ਅਗਲੇ ਛੇ ਮਹੀਨਿਆਂ 'ਚ ਹੋਣਗੀਆਂ। ਸ਼ਾਇਦ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਵੀ ਇਹ ਸਾਂਝ ਭਿਆਲੀ ਜਾਰੀ ਰਹੇ ਅਤੇ ਸਾਰੀਆਂ ਰਾਖਵੀਆਂ ਸੀਟਾਂ ਬਸਪਾ ਅਤੇ ਅਣ-ਰਾਖਵੀਆਂ ਸੀਟਾਂ ਉਤੇ ਸੁਖਬੀਰ ਸਿੰਘ ਬਾਦਲ ਦੇ ਉਮੀਦਵਾਰ ਖੜੇ ਹੋਣ। ਪਰ ਇਥੇ ਇਹ ਗੱਲ ਕਰਨੀ ਬਣਦੀ ਹੈ ਕਿ ਹੁਣ ਨਾ ਬਸਪਾ ਦਾ ਰਾਖਵੀਆਂ ਸੀਟਾਂ ਉਤੇ ਕੋਈ ਵੱਡਾ ਬੋਲਬਾਲਾ ਹੈ ਅਤੇ ਨਾ ਹੀ ਸੁਖਬੀਰ ਸਿੰਘ ਬਾਦਲ ਦਾ ਅਕਾਲੀ ਦਲ ਆਪਣਾ ਅਧਾਰ ਬਚਾਕੇ ਰੱਖ ਸਕਿਆ ਹੈ।

ਪਿਛਲੀਆਂ ਦੋ-ਤਿੰਨ ਚੋਣਾਂ 'ਚ ਹਾਰ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਉਤੇ ਵੱਡੇ ਸਵਾਲ ਖੜੇ ਹੋ ਰਹੇ ਹਨ। ਉਸ ਦੀ ਪਾਰਟੀ ਦੇ ਵੱਡੇ ਨੇਤਾ ਉਸਦਾ ਸਾਥ ਛਡ ਰਹੇ ਹਨ। ਬਾਗੀ ਹੋ ਰਹੇ ਹਨ। ਇੱਕ ਪਲੇਟਫਾਰਮ 'ਤੇ ਇਕੱਠੇ ਹੋ ਕੇ ਸੁਖਬੀਰ ਸਿੰਘ ਬਾਦਲ ਤੋਂ ਪ੍ਰਧਾਨਗੀ ਤੋਂ ਅਸਤੀਫ਼ੇ ਦੀ ਮੰਗ ਕਰ ਰਹੇ ਹਨ। ਕਾਟੋ-ਕਲੇਸ਼ ਇਥੋਂ ਤੱਕ ਵਧ ਚੁੱਕਾ ਹੈ ਕਿ ਜਲੰਧਰ ਪੱਛਮੀ ਤੋਂ ਸੁਖਬੀਰ ਸਿੰਘ ਬਾਦਲ ਨੇ ਬੀਬੀ ਸੁਰਜੀਤ ਕੌਰ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਉਮੀਦਵਾਰ ਥਾਪਿਆ ਸੀ, ਇਹ ਨਾਂਅ ਬੀਬੀ ਜਗੀਰ ਕੌਰ ਨੇ ਸੁਝਾਇਆ ਸੀ ਪਰ ਕਿਉਂਕਿ ਬੀਬੀ ਜਗੀਰ ਕੌਰ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬਮਧਕ ਕਮੇਟੀ ਹੁਣ ਵਿਰੋਧੀਆਂ ਦੇ ਖੇਮੇ ਦੀ ਮੁੱਖ ਨੇਤਾ ਹੈ।

ਇਸ ਲਈ ਸੁਖਬੀਰ ਸਿੰਘ ਬਾਦਲ ਨੇ ਸੁਰਜੀਤ ਕੌਰ ਨੂੰ ਆਪਣੇ ਉਮੀਦਵਾਰ ਵਜੋਂ ਹਿਮਾਇਤ ਦੇਣ ਤੋਂ ਇਨਕਾਰ ਕਰ ਦਿੱਤਾ ਹੈ ਅਤੇ ਬਸਪਾ ਉਮੀਦਵਾਰ ਨੂੰ ਵੋਟਾਂ ਪਾਉਣ ਦਾ ਐਲਾਨ ਕੀਤਾ ਹੈ। ਇਸ ਸਥਿਤੀ ਨਾਲ ਸੁਖਬੀਰ ਸਿੰਘ ਬਾਦਲ ਪ੍ਰਤੀ ਪਾਰਟੀ ਦੇ ਵਿਰੋਧੀ ਖੇਮੇ 'ਚ ਵੱਡਾ ਰੋਸ ਹੈ।

ਖਡੂਰ ਸਾਹਿਬ ਅਤੇ ਫਰੀਦਕੋਟ ਪਾਰਲੀਮਾਨੀ ਚੋਣਾਂ 'ਚ ਅੰਮ੍ਰਿਤਪਾਲ ਸਿੰਘ ਅਤੇ ਸਰਬਜੀਤ ਸਿੰਘ ਖ਼ਾਲਸਾ ਦੀ ਜਿੱਤ ਉਪਰੰਤ ਉਤਸ਼ਾਹਤ ਹੋਈਆਂ ਪੰਥਕ ਧਿਰਾਂ ਵਲੋਂ ਭਗਵੰਤ ਸਿੰਘ ਬਾਜੇਕੇ ਉਰਫ਼ ਪ੍ਰਧਾਨ ਮੰਤਰੀ ਗਿੱਦੜਵਾਹਾ, ਦਲਜੀਤ ਸਿੰਘ ਕਲਸੀ ਡੇਰਾ ਬਾਬਾ ਨਾਨਕ ਅਤੇ ਕੁਲਵੰਤ ਸਿੰਘ ਰਾਊਕੇ ਬਰਨਾਲਾ ਵਿਧਾਨ ਸਭਾ ਚੋਣ ਹਲਕੇ ਤੋਂ ਚੋਣ ਲੜਨਗੇ। ਚੱਬੇਵਾਲ ਰਾਖਵਾਂ ਹਲਕਾ ਹੈ, ਇਸ ਧਿਰ ਵਲੋਂ ਇਥੇ ਕਿਸੇ ਉਮੀਦਵਾਰ ਦਾ ਐਲਾਨ ਨਹੀਂ ਹੈ।

ਇਥੇ ਵੇਖਣ ਯੋਗ ਗੱਲ ਇਹ ਵੀ ਹੋਵੇਗੀ ਕਿ ਕੀ ਸ਼੍ਰੋਮਣੀ ਅਕਾਲੀ ਦਲ (ਬ) ਦੋ ਫਾੜ ਹੋ ਜਾਏਗਾ ਤੇ ਇੱਕ ਹੋਰ ਨਵਾਂ ਅਕਾਲੀ ਦਲ ਬਣੇਗਾ। ਇਹ ਅਕਾਲੀ ਦਲ ਦੀ ਦੂਜੀਆਂ ਪੰਥਕ ਧਿਰਾਂ ਨਾਲ ਹੱਥ ਮਿਲਾਏਗਾ? ਸਿਮਰਨਜੀਤ ਸਿੰਘ ਮਾਨ ਦਾ ਧੜਾ ਵੀ ਪਹਿਲਾਂ ਦੀ ਤਰ੍ਹਾਂ ਆਪਣੇ ਉਮੀਦਵਾਰ ਖੜੇ ਕਰੇਗਾ। ਖੱਬੀਆਂ ਧਿਰਾਂ ਵੀ ਮੈਦਾਨ 'ਚ ਆਉਣਗੀਆਂ, ਕਿਉਂਕਿ ਪੰਜਾਬ 'ਚ ਲਗਭਗ ਸਾਰੀਆਂ ਸਿਆਸੀ ਧਿਰਾਂ ਨੇ ਪਾਰਲੀਮਾਨੀ ਚੋਣਾਂ ਸਮੇਂ ਕੁਝ ਨਾ ਕੁਝ ਖੱਟਿਆ ਹੈ, ਇਸ ਕਰਕੇ ਕਿ ਚੋਣਾਂ ਆਹਮੋ-ਸਾਹਮਣੇ ਨਹੀਂ ਪੰਜ ਕੋਨੀਆਂ ਲੜੀਆਂ ਗਈਆਂ।

ਦਿੱਲੀ ਵਿੱਚ ਆਮ ਆਦਮੀ ਪਾਰਟੀ ਦੀ ਹਾਰ ਉਪਰੰਤ ਪੰਜਾਬ ਕਾਂਗਰਸ ਦੇ ਨੇਤਾਵਾਂ ਨੇ ਇਹ ਸਪਸ਼ਟ ਕਰ ਦਿੱਤਾ ਹੈ ਕਿ ਸੂਬੇ ਪੰਜਾਬ 'ਚ ਅਗਲੀਆਂ ਚੋਣਾਂ 'ਚ 'ਆਪ' ਨਾਲ ਉਹ ਕੋਈ ਭਾਈਵਾਲੀ ਨਹੀਂ ਕਰਨਗੇ। ਪੰਜਾਬ ਵਿੱਚ ਵੱਖਰੀਆਂ ਚੋਣਾਂ ਲੜਕੇ ਕਾਂਗਰਸ ਨੇ ਕੁਝ ਖੱਟਿਆ ਹੀ ਹੈ, ਗੁਆਇਆ ਨਹੀ।

ਭਾਰਤੀ ਜਨਤਾ ਪਾਰਟੀ ਪੰਜਾਬ 'ਚ ਪਾਰਲੀਮਾਨੀ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਤੋਂ ਵੱਧ ਵੋਟ ਪ੍ਰਤੀਸ਼ਤ ਪ੍ਰਾਪਤ ਕਰਕੇ ਉਤਸ਼ਾਹਤ ਹੈ ਅਤੇ ਜ਼ਿਮਨੀ ਚੋਣਾਂ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਇਕੱਲਿਆਂ ਹੀ ਲੜੇਗੀ। ਪਾਰਟੀ ਵਲੋਂ ਦੂਜੇ ਖੇਮਿਆਂ 'ਚ ਸੰਨ ਲਾਉਣ ਦੀਆਂ ਤਰਤੀਬਾਂ ਲਗਾਤਾਰ ਜਾਰੀ ਹਨ। ਸਿਆਸੀ ਹਲਕੇ ਤਾਂ ਇਹ ਵੀ ਮੰਨਦੇ ਹਨ ਕਿ ਸ਼੍ਰੋਮਣੀ ਅਕਾਲੀ ਦਲ (ਬਾਦਲ) 'ਚ ਮੌਜੂਦਾ ਭੰਨ ਤੋੜ ਵੀ ਆਰ.ਐਸ.ਐਸ., ਭਾਜਪਾ ਦੀ ਸ਼ਹਿ ਉਤੇ ਹੋ ਰਹੀ ਹੈ।

ਆਮ ਆਦਮੀ ਪਾਰਟੀ ਦਾ ਚੋਣ ਗ੍ਰਾਫ ਘਟਿਆ ਹੈ। ਵੋਟ ਪ੍ਰਤੀਸ਼ਤ ਵੀ ਗੜਬੜ ਹੋਈ ਹੈ ਅਤੇ ਪਾਰਲੀਮੈਂਟ 'ਚ ਉਸਦੇ ਸਿਰਫ਼ ਤਿੰਨ ਉਮੀਦਵਾਰ ਜੇਤੂ ਰਹੇ ਹਨ, ਹਾਲਾਂਕਿ ਉਸ ਵਲੋਂ ਆਪਣੇ ਕੰਮ ਦੇ ਅਧਾਰ 'ਤੇ 13 ਸੀਟਾਂ ਜਿੱਤਣ ਦਾ ਦਾਅਵਾ ਸੀ। ਇਹ ਦਾਅਵਾ ਉਂਜ ਕਾਂਗਰਸ ਵਲੋਂ ਵੀ ਕੀਤਾ ਗਿਆ ਸੀ। ਪੰਜਾਬ ਦੀ ਹਾਕਮ ਧਿਰ ਪੰਜਾਬ 'ਚ ਪੂਰੀਆਂ ਸੀਟਾਂ ਜਿੱਤਣ ਦੇ ਮਾਮਲੇ 'ਚ ਉਸੇ ਤਰ੍ਹਾਂ ਭਰੋਸੇ 'ਚ ਸੀ, ਜਿਵੇਂ ਦਿੱਲੀ ਦਾ ਹਾਕਮ 400 ਸੀਟਾਂ ਜਿੱਤਣ ਦੀ ਗੱਲ, ਦੇਸ਼ 'ਚ ਵਿਕਾਸ, ਲੋਕ ਹਿਤੂ ਕਾਰਜਾਂ ਅਤੇ ਧਾਰਮਿਕ ਪੱਤਾ ਖੇਲ੍ਹਣ ਉਪਰੰਤ ਕਰ ਰਿਹਾ ਸੀ।

ਪਰ ਉਪਰ ਦਿੱਲੀ 'ਚ ਵੀ ਅਤੇ ਇਥੇ ਪੰਜਾਬ 'ਚ ਵੀ ਹਾਕਮ ਧਿਰ ਦੀ ਕਾਰਗੁਜ਼ਾਰੀ ਨੇ ਦਰਸਾ ਦਿੱਤਾ ਕਿ ਲੋਕ ਕੰਮ ਚਾਹੁੰਦੇ ਹਨ, ਰੁਜ਼ਗਾਰ ਚਾਹੁੰਦੇ ਹਨ, ਚੰਗਾ ਜੀਵਨ ਚਾਹੁੰਦੇ ਹਨ, ਸਿਰਫ਼ ਮੁਫ਼ਤ ਬਿਜਲੀ, ਪਾਣੀ ਜਾਂ ਕੁਝ ਲੋਕ ਲਭਾਊ ਨਾਹਰੇ ਜਾਂ ਸਹੂਲਤਾਂ ਤੱਕ ਸੀਮਤ ਨਹੀਂ ਰਹਿ ਸਕਦੇ।

ਪੰਜਾਬ ਇਸ ਵੇਲੇ ਸਿਆਸੀ ਦੁਬਿਧਾ ਵਿੱਚ ਹੈ। ਪੰਜਾਬ ਧੱਕਾ ਨਹੀਂ ਚਾਹੁੰਦਾ। ਪੰਜਾਬ ਵਾਸੀ ਫਰੇਬ ਵਾਲੀ ਰਾਜਨੀਤੀ ਨਹੀਂ ਚਾਹੁੰਦੇ। ਸਿੱਧਾ ਸਾਦਾ ਉਹਨਾ ਦਾ ਸਵਾਲ ਹੈ ਕਿ ਪੰਜਾਬ ਮੌਜੂਦਾ ਸਥਿਤੀ ਵਿੱਚੋਂ ਨਿਕਲੇਗਾ ਕਿਵੇਂ? ਕਿਵੇਂ ਪੰਜਾਬ ਬਚਿਆ ਰਹੇਗਾ ਪ੍ਰਵਾਸ ਤੋਂ ? ਇਸ ਧਰਤੀ ਦੇ ਉਜਾੜੇ ਤੋਂ ? ਆਰਥਿਕ ਮੰਦਹਾਲੀ ਤੋਂ? ਪੰਜਾਬ ਨਾਲ ਜੋ ਨਿਰੰਤਰ ਧੱਕਾ ਹੋਇਆ ਹੈ, ਉਸ ਦਾ ਇਨਸਾਫ ਕੌਣ ਕਰੇਗਾ?

ਜਦੋਂ ਇਹਨਾ ਸਵਾਲਾਂ ਦੇ ਜਵਾਬ ਜਾਂ ਆਸ ਕਿਸੇ ਸਿਆਸੀ ਧਿਰ ਵਲੋਂ ਮਿਲਦਾ ਹੈ ਜਾਂ ਉਸਨੂੰ ਇਹਨਾ ਸਵਾਲਾਂ ਦੇ ਜਵਾਬ ਦੀ ਆਸ ਬੱਝਦੀ ਹੈ, ਉਹ ਉਸ ਵੱਲ ਹੀ ਉਲਰ ਪੈਂਦਾ ਹੈ। ਮਿਸਾਲ ਆਮ ਆਦਮੀ ਪਾਰਟੀ ਦੀ ਪਿਛਲੀ ਸਰਕਾਰ ਦੀ ਹੈ, ਜਦੋਂ 2022 'ਚ 92 ਵਿਧਾਨ ਸਭਾ ਪ੍ਰਤੀਨਿਧ ਉਸਦੇ ਹੀ ਪੰਜਾਬੀਆਂ ਚੁਣ ਦਿੱਤੇ ਤੇ ਧੁਰੰਤਰ ਸਿਆਸਤਦਾਨਾਂ ਨੂੰ ਸਮੇਤ ਪ੍ਰਕਾਸ਼ ਸਿੰਘ ਬਾਦਲ ਦੇ ਉਹਨਾ ਨੂੰ ਚਿੱਤ ਕਰ ਦਿੱਤਾ।

ਪਰ ਦੋ ਵਰ੍ਹੇ ਹੀ ਬੀਤੇ ਹਨ, ਹਾਲਾਤ ਮੁੜ ਗੇੜ ਖਾ ਗਏ ਹਨ, ਉਲਾਰੂ ਸਿਆਸਤ ਨੇ ਫਿਰ ਖੰਭ ਫੈਲਾ ਲਏ ਹਨ।

ਪਰ ਸਵਾਲ ਪੈਦਾ ਹੁੰਦਾ ਹੈ ਕਿ ਇਸ ਸਿਆਸਤ ਨਾਲ ਪੰਜਾਬ ਦਾ ਕੁਝ ਸੌਰੇਗਾ? ਕੀ ਪੰਜਾਬ ਸਾਜ਼ਿਸ਼ਾਂ ਦਾ ਸ਼ਿਕਾਰ ਹੁੰਦਾ ਰਹੇਗਾ? ਕੀ ਪੰਜਾਬ ਦੀ ਜਵਾਨੀ ਇੰਜ ਹੀ ਰੁਲਦੀ ਰਹੇਗੀ। ਅੱਜ ਪੰਜਾਬ ਨਸ਼ਿਆਂ ਦੀ ਲਪੇਟ 'ਚ ਹੈ। ਪੰਜਾਬ ਦੀਆਂ ਜੇਲ੍ਹਾਂ 'ਚ ਨਸ਼ਿਆਂ ਦੇ ਕੇਸਾਂ 'ਚ, ਪੰਜਾਬ ਦੇ ਨੌਜਵਾਨ ਵੱਡੀ ਗਿਣਤੀ 'ਚ ਬੈਠੇ ਹਨ। ਕਾਰਨ ਪੰਜਾਬ 'ਚ ਫੈਲਿਆ ਗੈਂਗਸਟਰ ਮਾਫੀਆ ਤੇ ਨਸ਼ਿਆਂ ਦੇ ਸੌਦਾਗਰ ਹਨ। ਕੀ ਇਹ ਸਿਆਸੀ ਸਰਪ੍ਰਸਤੀ ਤੋਂ ਬਿਨ੍ਹਾਂ ਵੱਧ-ਫੁੱਲ ਸਕਦੇ ਹਨ? ਕਦਾਚਿਤ ਵੀ ਨਹੀਂ।

ਕੀ ਇਹ ਨਿਸ਼ਾਨਦੇਹੀ ਕੀਤੀ ਜਾ ਰਹੀ ਹੈ ਕਿ ਇਹਨਾ ਦੀ ਸਰਪ੍ਰਸਤੀ ਕੌਣ ਕਰ ਰਿਹਾ ਹੈ?

ਹੁਣ ਸਵਾਲ ਉਠਦੇ ਹਨ। ਫ਼ਰੀਦਕੋਟ ਤੇ ਖਡੂਰ ਸਾਹਿਬ ਤੋਂ ਉੱਠਦੀਆਂ ਗਰਮ ਹਵਾਵਾਂ ਕੀ ਪੰਜਾਬ ਵਿੱਚ ਭਗਵਿਆਂ ਨੂੰ ਆਪਣੀ ਸਿਆਸਤ ਜ਼ਰਖੇਜ਼ ਕਰਨ ਦਾ ਕਾਰਨ ਨਹੀਂ ਬਣੇਗੀ? ਤਾਂ ਫਿਰ ਪੰਜਾਬ ਦਾ ਭਵਿੱਖ ਕੀ ਹੋਵੇਗਾ? ਜੇਕਰ ਇੰਜ ਨਹੀਂ ਹੁੰਦਾ ਤਾਂ ਕੀ ਪੰਜਾਬ ਵੀ ਜੰਮੂ-ਕਸ਼ਮੀਰ ਵਾਂਗਰ ਤਿੰਨ ਕੇਂਦਰੀ ਸ਼ਾਸ਼ਿਤ ਪ੍ਰਦੇਸ਼ਾਂ 'ਚ ਵੰਡਿਆ ਜਾਏਗਾ?

ਜੇਕਰ ਸੁਖਬੀਰ ਸਿੰਘ ਬਾਦਲ ਤੋਂ ਬਾਗੀ ਅਸਤੀਫ਼ਾ ਲੈ ਵੀ ਲੈਂਦੇ ਹਨ, ਤਾਂ ਕੀ ਸ਼੍ਰੋਮਣੀ ਅਕਾਲੀ ਦਲ ਫਿਰ ਵੀ ਬਚ ਜਾਏਗਾ? ਕੀ ਪੰਜਾਬ ਦੇ ਬਾਗੀ ਆਪਣੀਆਂ ਗਲਤੀਆਂ ਦੀ ਮੁਆਫ਼ੀ ਲਈ ਅਕਾਲ ਤਖ਼ਤ ਪੇਸ਼ ਹੋਕੇ ਸਜ਼ਾਵਾਂ ਲਗਵਾਕੇ ਆਪ ਦੁੱਧ ਧੋਤੇ ਹੋ ਜਾਣਗੇ?ਕੀ ਸੁਖਬੀਰ ਸਿੰਘ ਬਾਦਲ ਪਿਛਲੇ ਕੀਤਿਆਂ ਦੀਆਂ ਭੁਲਾ ਬਖ਼ਸ਼ਾਕੇ ਸਾਫ਼ ਸੁਥਰਾ ਹੋ ਗਿਆ? ਕੀ ਇਸ ਨਾਲ ਪੰਜਾਬ ਦੇ ਲੋਕਾਂ ਨੂੰ ਕੋਈ ਫਾਇਦਾ ਹੋਏਗਾ।

ਕਦੇ ਪੰਜਾਬੀਆਂ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਇੱਕ ਤਾਕਤਵਰ ਇਲਾਕਈ ਪਾਰਟੀ ਵਜੋਂ ਚਿਤਵਿਆ ਸੀ, ਜਿਹੜੀ ਇਸ ਇਲਾਕੇ ਦੇ ਲੋਕਾਂ ਦੇ ਦੁੱਖਾਂ, ਦਰਦਾਂ ਦੀ ਭਾਈਵਾਲ ਬਣੇ, ਦੇਸ਼ ਦੇ ਸੰਘਵਾਦ ਢਾਂਚੇ 'ਚ ਰਾਜਾਂ ਲਈ ਵਧ ਅਧਿਕਾਰ ਲੈਕੇ ਸੂਬੇ ਦਾ ਕੁਝ ਸੁਆਰ ਸਕੇ। ਇਸ ਧਿਰ ਨੇ ਬਹੁਤ ਕੁਝ ਸਾਰਥਿਕ ਕੀਤਾ, ਪਰ ਹਿੰਦੂ ਰਾਸ਼ਟਰ ਦੀ ਮੁਦੱਈ ਭਾਜਪਾ ਨਾਲ ਸਾਂਝ ਭਿਆਲੀ ਪਾਕੇ, ਆਪਣੇ ਆਪ ਨੂੰ ਰਾਸ਼ਟਰੀ ਪਾਰਟੀ ਬਨਾਉਣ ਦੇ ਚੱਕਰ 'ਚ ਸਭ ਕੁਝ ਗੁਆ ਲਿਆ। ਹੁਣ ਸਥਿਤੀ ਇਹ ਬਣੀ ਹੋਈ ਹੈ ਕਿ 100 ਸਾਲ ਪੁਰਾਣੀ ਪਾਰਟੀ ਦੀ ਹੋਂਦ ਉਤੇ ਸਵਾਲ ਖੜੇ ਹੋ ਗਏ ਹਨ।

ਪੰਜਾਬ ਦੇ ਕੁਝ ਵਿਰਾਸਤੀ ਮੁੱਦੇ ਹਨ। ਇਹ ਮੁੱਦੇ ਪੰਜਾਬ ਦੇ ਅਣਖੀਲੇ ਲੋਕਾਂ ਦੀ ਸੋਚ ਨਾਲ ਜੁੜੇ ਹੋਏ ਹਨ। ਪੰਜਾਬ ਦੀ ਕੋਈ ਵੀ ਸਿਆਸੀ ਧਿਰ ਪਿਛਲੇ ਕੁਝ ਦਹਾਕਿਆਂ ਤੋਂ ਇਹਨਾ ਦੇ ਹੱਲ ਲਈ ਯਤਨਸ਼ੀਲ ਨਹੀਂ ਰਹੀ। ਸਿਆਸੀ ਧਿਰਾਂ ਬੱਸ ਓਪਰੇ -ਓਪਰੇ ਇਹਨਾ ਮੁੱਦਿਆਂ ਨੂੰ ਹੱਥ ਤਾਂ ਲਾਉਂਦੀਆਂ ਰਹੀਆਂ, ਪਰ ਇਹਨਾ ਦੇ ਹੱਲ ਕਰਨ ਲਈ ਹੌਂਸਲਾ ਨਹੀਂ ਕਰ ਰਹੀਆਂ। ਸਗੋਂ ਕਈ ਹਾਲਤਾਂ 'ਚ ਇਹਨਾ ਮੁੱਦਿਆਂ ਨੂੰ ਉਲਝਾ ਰਹੀਆਂ ਹਨ। ਜਿਸ ਨਾਲ ਪੰਜਾਬ ਦੀ ਸਮਾਜਿਕ, ਸਭਿਆਚਾਰਕ , ਆਰਥਿਕ ਸਥਿਤੀ ਪਚੀਦਾ ਹੁੰਦੀ ਜਾ ਰਹੀ ਹੈ।

ਪੰਜਾਬ 'ਚ ਇਸ ਵੇਲੇ ਵੱਡਾ ਸਿਆਸੀ ਖਿਲਾਅ ਹੈ, ਜੋ ਵਧਦਾ ਜਾ ਰਿਹਾ ਹੈ। ਵੱਡੀ ਗਿਣਤੀ ਪੰਜਾਬੀ ਸੂਬੇ ਦੇ ਹਾਲਤਾਂ ਅਤੇ ਮੌਜੂਦਾ ਹਾਕਮਾਂ ਤੇ ਸਿਆਸੀ ਪਾਰਟੀਆਂ ਤੋਂ ਨਿਰਾਸ਼ ਹੋ ਚੁੱਕੇ ਹਨ। ਪੰਜਾਬੀਆਂ ਦੇ ਮਨਾਂ ਨੂੰ ਕੋਈ ਸਿਆਸੀ ਪਾਰਟੀ ਪੜ੍ਹ ਹੀ ਨਹੀਂ ਰਹੀ ਅਤੇ ਪੰਜਾਬੀ ਜਿਧਰੋਂ ਵੀ ਰਤਾ ਕੁ ਆਸ ਦੀ ਕਿਰਨ ਉਹਨਾ ਨੂੰ ਦਿਖਦੀ ਹੈ, ਉਧਰ ਹੀ ਤੁਰ ਪੈਂਦੇ ਦਿਖਦੇ ਹਨ।



# GINNY BEDI LAW PC



**Ginny Bedi Attorney**

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।

**255 N Market St Ste 150 San Jose CA 95110**

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com


SAI JEWELERS
Making Every Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday |11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350


IAPW
INTERNATIONAL ASSOCIATION of PUNJABI WOMEN
26TH ANNUAL
ONE N ONE ONLY
YUBA CITY
HARMANDEEP KAUR
GUEST APPEARANCE
SURLEENA SINGH
AND TEAM SANGEET BY
SAKHIYAN FROM CANADA
GUEST APPEARANCE
SHIPRA GOYAL
TEEYAN DA Mela
TIME: 11AM TO 7PM
YUBA SUTTER FAIR GROUNDS
442 FRANKLIN AVEYUBA CITY, CA 95991
SEPT 1ST 2024
(SUNDAY BEFORE LABORDAY)
Ticket
$10 MANDATORY RAFFLE
ENTRY TICKET AT THE GATE
FOR PARTICIPATION, BOOTH BOOKINGS
N SPONSORSHIP, PLEASE CONTACT
CALL : (530) 845-4800
JOT RANJIT KAUR
(HOST)
PARM TAKHAR
(HOST)

# ਪੰਜਾਬ ਤੇ ਹਰਿਆਣਾ ਹਾਈਕੋਰਟ ਤੋਂ ਡੇਰਾ ਮੁਖੀ ਨੂੰ ਨਹੀਂ ਮਿਲੀ ਤੁਰੰਤ ਰਾਹਤ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਪੰਜਾਬ ਤੇ ਹਰਿਆਣਾ ਹਾਈਕੋਰਟ ਤੋਂ ਤੁਰੰਤ ਰਾਹਤ ਨਹੀਂ ਮਿਲ ਸਕੀ ਹੈ। ਹਾਈਕੋਰਟ ਦੇ ਐਕਟਿੰਗ ਚੀਫ਼ ਜਸਟਿਸ ਜੀ.ਐੱਸ. ਸੰਧਾਵਾਲੀਆ ਦੀ ਅਗਵਾਈ ਵਾਲੇ ਡਵੀਜ਼ਨ ਬੈਂਚ ਨੇ ਡੇਰਾ ਮੁਖੀ ਦੀ ਫਰਲੋ ਅਰਜ਼ੀ 'ਤੇ ਮੁੱਖ ਪਟੀਸ਼ਨ ਸਮੇਤ 31 ਜੁਲਾਈ ਤੱਕ ਪਟੀਸ਼ਨ ਦੀ ਸੁਣਵਾਈ ਮੁਲਤਵੀ ਕਰ ਦਿੱਤੀ ਹੈ। ਇਸਦੇ ਨਾਲ ਹੀ ਅਦਾਲਤ ਨੇ ਐੱਸ.ਜੀ.ਪੀ.ਸੀ. ਤੇ ਹਰਿਆਣਾ ਸਰਕਾਰ ਨੂੰ ਨੋਟਿਸ ਜਾਰੀ ਕਰਕੇ ਜਵਾਬ ਦਾਖ਼ਲ ਕਰਨ ਦੇ ਹੁਕਮ ਦਿੱਤੇ ਹਨ। ਡੇਰਾ ਮੁਖੀ ਨੇ ਇਸ ਤੋਂ ਪਹਿਲਾਂ ਛੁੱਟੀ ਵਾਲੇ ਬੈਂਚ ਅੱਗੇ 14 ਜੂਨ ਨੂੰ ਇਹ ਅਰਜ਼ੀ ਦਾਇਰ ਕੀਤੀ ਸੀ, ਪਰ ਛੁੱਟੀ ਵਾਲੇ ਬੈਂਚ ਨੇ ਕੋਈ ਹੁਕਮ ਜਾਰੀ ਨਾ ਕਰਦੇ ਹੋਏ ਕਿਹਾ ਸੀ ਕਿ ਸਿਰਫ਼ ਚੀਫ਼ ਜਸਟਿਸ ਦਾ ਬੈਂਚ ਹੀ ਇਸ ਪਟੀਸ਼ਨ 'ਤੇ ਸੁਣਵਾਈ ਕਰੇਗਾ ਕਿਉਂਕਿ ਉਸੇ ਬੈਂਚ ਕੋਲ ਇਹ ਮਾਮਲਾ ਵਿਚਾਰ ਅਧੀਨ ਹੈ। ਡੇਰਾ ਮੁਖੀ ਨੇ ਹਾਈ ਕੋਰਟ ਤੋਂ ਉਸਨੂੰ 21 ਦਿਨਾਂ ਦੀ ਫਰਲੋ ਦੇਣ ਦੇ ਨਿਰਦੇਸ਼ ਦੇਣ ਦੀ ਮੰਗ ਕੀਤੀ ਹੈ, ਤਾਂ ਜੋ ਉਹ ਇਸ ਸਮੇਂ ਦੌਰਾਨ ਜੇਲ੍ਹ ਤੋਂ ਬਾਹਰ ਰਹਿ ਕੇ 'ਕਲਿਆਣਕਾਰੀ ਕੰਮ' ਕਰ ਸਕੇ। ਡੇਰਾ ਮੁਖੀ ਨੇ ਕਿਹਾ ਹੈ ਕਿ ਫਰਲੋ ਲਈ ਅਧਿਕਾਰੀਆਂ ਨੂੰ ਅਰਜ਼ੀ ਦਿੱਤੀ ਜਾ ਚੁੱਕੀ ਹੈ ਪਰ ਹਾਈ ਕੋਰਟ ਦੇ 29 ਫਰਵਰੀ ਦੇ ਸਟੇਅ ਆਰਡਰ ਕਾਰਨ ਇਸ ਪਟੀਸ਼ਨ 'ਤੇ ਵਿਚਾਰ ਨਹੀਂ ਕੀਤਾ ਗਿਆ।ਪਟੀਸ਼ਨ ਵਿਚ ਇਹ ਵੀ ਕਿਹਾ ਗਿਆ ਹੈ ਕਿ ਉਸ ਨੇ ਪਿਛਲੇ ਸਮੇਂ ਵਿਚ ਪੈਰੋਲ ਜਾਂ ਫਰਲੋ ਛੋਟ ਦੀ ਦੁਰਵਰਤੋਂ ਨਹੀਂ ਕੀਤੀ ਹੈ ਤੇ ਹਮੇਸ਼ਾ ਸਮੇਂ ਸਿਰ ਆਤਮ ਸਮਰਪਣ ਕੀਤਾ ਹੈ। ਡੇਰਾ ਮੁਖੀ ਅਨੁਸਾਰ 20 ਦਿਨਾਂ ਦੀ ਪੈਰੋਲ ਤੇ 21 ਦਿਨਾਂ ਦੀ ਫਰਲੋ ਪਹਿਲਾਂ ਹੀ ਉੱਚਿਤ ਅਧਿਕਾਰੀਆਂ ਦੇ ਵਿਚਾਰ ਅਧੀਨ ਹੈ। 29 ਫਰਵਰੀ ਨੂੰ ਹਾਈ ਕੋਰਟ ਨੇ ਰਾਜ ਨੂੰ ਨਿਰਦੇਸ਼ ਦਿੱਤਾ ਸੀ ਕਿ ਭਵਿੱਖ ਵਿਚ ਅਦਾਲਤ ਦੀ ਇਜਾਜ਼ਤ ਤੋਂ ਬਿਨਾਂ ਡੇਰਾ ਮੁਖੀ ਦੀ ਪੈਰੋਲ ਅਰਜ਼ੀ 'ਤੇ ਵਿਚਾਰ ਨਾ ਕੀਤਾ ਜਾਵੇ। ਇਹ ਮਾਮਲਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.) ਵੱਲੋਂ ਦਾਇਰ ਪਟੀਸ਼ਨ ਦੇ ਮੱਦੇਨਜ਼ਰ ਹਾਈ ਕੋਰਟ ਵਿਚ ਵਿਚਾਰ ਅਧੀਨ ਹੈ। ਪਟੀਸ਼ਨ ਵਿਚ ਡੇਰਾ ਮੁਖੀ ਨੂੰ ਜਬਰ-ਜ਼ਨਾਹ ਤੇ ਕਤਲ ਕੇਸਾਂ ਵਿਚ ਦੋਸ਼ੀ ਕਰਾਰ ਦਿੱਤੇ ਜਾਣ ਦੇ ਬਾਵਜੂਦ ਹਰਿਆਣਾ ਸਰਕਾਰ ਵੱਲੋਂ ਵਾਰ-ਵਾਰ ਪੈਰੋਲ ਜਾਂ ਫਰਲੋ 'ਤੇ ਰਿਹਾਅ ਕਰਨ 'ਤੇ ਇਤਰਾਜ਼ ਜਤਾਇਆ ਗਿਆ ਹੈ।

# ਟੀ-20 ਵਿਸ਼ਵ ਚੈਂਪੀਅਨ ਭਾਰਤੀ ਟੀਮ ਦਾ ਵਾਨਖੇੜੇ ਸਟੇਡੀਅਮ 'ਚ ਸ਼ਾਨਦਾਰ ਸਵਾਗਤ

ਮੁੰਬਈ
ਸਾਂਝੀ ਸੋਚ ਬਿਊਰੋ



ਟੀ-20 ਵਿਸ਼ਵ ਕੱਪ ਜਿੱਤਣ ਵਾਲੀ ਭਾਰਤੀ ਟੀਮ ਦਾ ਵਾਨਖੇੜੇ ਸਟੇਡੀਅਮ ਵਿਚ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਤੋਂ ਪਹਿਲਾਂ ਭਾਰਤੀ ਟੀਮ ਦੇ ਖਿਡਾਰੀ ਮੁੰਬਈ ਦੇ ਨਰੀਮਨ ਪੁਆਇੰਟ 'ਤੇ ਤਿਰੰਗੇ ਅਤੇ ਟਰਾਫੀ ਨਾਲ ਵਿਜੈ ਰਥ (ਖੁੱਲ੍ਹੀ ਛੱਤ ਵਾਲੀ ਬੱਸ) ਵਿਚ ਸਵਾਰ ਹੋਏ ਤੇ ਇੱਥੋਂ 2.2 ਕਿਲੋਮੀਟਰ ਦੂਰ ਸਥਿਤ ਵਾਨਖੇੜੇ ਸਟੇਡੀਅਮ ਤੱਕ ਗਏ। ਸਟੇਡੀਅਮ ਵਿਚ ਖਿਡਾਰੀਆਂ ਨੂੰ 125 ਕਰੋੜ ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਇੱਥੇ ਢਾਈ ਲੱਖ ਤੋਂ ਵੱਧ ਪ੍ਰਸ਼ੰਸਕ ਆਪਣੇ ਕ੍ਰਿਕਟਰਾਂ ਦਾ ਸਵਾਗਤ ਕਰਨ ਲਈ ਪਹੁੰਚੇ। ਮੌਨਸੂਨ ਦੀ ਬਰਸਾਤ ਦੇ ਬਾਵਜੂਦ ਤਿੰਨ ਕਿਲੋਮੀਟਰ ਲੰਬੀ ਮਰੀਨ ਡਰਾਈਵ 'ਤੇ ਭੀੜ ਲੱਗੀ ਰਹੀ। ਮਹਾਰਾਸ਼ਟਰ ਸਰਕਾਰ ਨੇ ਭੀੜ ਦੇ ਮੱਦੇਨਜ਼ਰ ਇਲਾਕੇ ਦੀ ਸੁਰੱਖਿਆ ਵਧਾ ਦਿੱਤੀ ਹੈ। ਇਸ ਮੌਕੇ ਭਾਰਤੀ ਪ੍ਰਸ਼ੰਸਕਾਂ ਨੇ ਫੁੱਲਾਂ ਦੇ ਹਾਰ ਅਤੇ ਢੋਲ ਢਮੱਕੇ ਨਾਲ ਸਵਾਗਤ ਕੀਤਾ।

# ਦਿੱਲੀ ਛੱਡੇ ਬਗੈਰ ਪੈਰੋਲ ਦੀਆਂ ਸ਼ਰਤਾਂ ਤਹਿਤ ਪਰਿਵਾਰ ਨੂੰ ਮਿਲ ਸਕੇਗਾ ਅੰਮ੍ਰਿਤਪਾਲ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ



ਕੌਮੀ ਸੁਰੱਖਿਆ ਐਕਟ (ਐੱਨ.ਐੱਸ.ਏ.) ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਬੰਦ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਪੈਰੋਲ ਦੌਰਾਨ ਪਰਿਵਾਰਕ ਮੈਂਬਰਾਂ ਨੂੰ ਮਿਲਣ ਦੀ ਖੁੱਲ੍ਹ ਰਹੇਗੀ, ਪਰ ਉਸ ਨੂੰ ਦਿੱਲੀ ਛੱਡਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਅੰਮ੍ਰਿਤਪਾਲ ਸਿੰਘ ਨੂੰ ਸੰਸਦ ਮੈਂਬਰ ਵਜੋਂ ਸਹੁੰ ਚੁੱਕਣ ਲਈ ਪੈਰੋਲ 'ਤੇ ਅਸਾਮ ਤੋਂ ਦਿੱਲੀ ਲਿਆਂਦਾ ਜਾ ਰਿਹਾ ਹੈ। ਅੰਮ੍ਰਿਤਪਾਲ ਸਿੰਘ ਨੂੰ ਪਿਛਲੇ ਸਾਲ 23 ਅਪ੍ਰੈਲ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਅੰਮ੍ਰਿਤਸਰ ਦੇ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਪੈਰੋਲ ਹੁਕਮਾਂ ਦੀਆਂ ਸ਼ਰਤਾਂ ਮੁਤਾਬਕ ਕੌਮੀ ਰਾਜਧਾਨੀ ਵਿਚ ਆਪਣੀ ਠਹਿਰ ਦੌਰਾਨ ਅੰਮ੍ਰਿਤਪਾਲ ਸਿੰਘ ਜਾਂ ਉਸ ਦਾ ਕੋਈ ਸਕਾ ਸਬੰਧੀ ਜਾਂ ਪਰਿਵਾਰਕ ਮੈਂਬਰ ਮੀਡੀਆ ਵਿਚ ਕਿਸੇ ਤਰ੍ਹਾਂ ਦਾ ਕੋਈ ਬਿਆਨ ਨਹੀਂ ਦੇ ਸਕੇਗਾ। ਅੰਮ੍ਰਿਤਪਾਲ ਸਿੰਘ ਵੱਲੋਂ ਸ਼ੁੱਕਰਵਾਰ ਨੂੰ ਸੰਸਦ ਮੈਂਬਰ ਵਜੋਂ ਹਲਫ਼ ਲਿਆ ਜਾਣਾ ਹੈ। ਪੈਰੋਲ ਤਹਿਤ ਕੁੱਲ ਦਸ ਸ਼ਰਤਾਂ ਨਿਰਧਾਰਿਤ ਕੀਤੀਆਂ ਗਈਆਂ ਹਨ।

# ਜਸਟਿਸ ਸ਼ੀਲ ਨਾਗੂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਨਿਯੁਕਤ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਦੱਸਿਆ ਕਿ ਜਸਟਿਸ ਸ਼ੀਲ ਨਾਗੂ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਚੀਫ਼ ਜਸਟਿਸ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਨੇ ਇਹ ਜਾਣਕਾਰੀ ਐਕਸ 'ਤੇ ਸ਼ੇਅਰ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਰਤ ਦੇ ਸੰਵਿਧਾਨ ਰਾਹੀਂ ਪ੍ਰਦਾਨ ਕੀਤੀਆਂ ਗਈਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਰਾਸ਼ਟਰਪਤੀ ਵੱਲੋਂ ਮੱਧ ਪ੍ਰਦੇਸ਼ ਹਾਈ ਕੋਰਟ ਦੇ ਜਸਟਿਸ ਸ਼ੀਲ ਨਾਗੂ ਦੀ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਵਜੋਂ ਨਿਯੁਕਤੀ ਕੀਤੀ ਗਈ ਹੈ।

# ਹਰਿਆਣਾ ਦੀਆਂ ਸਾਰੀਆਂ 90 ਵਿਧਾਨ ਸਭਾ ਸੀਟਾਂ 'ਤੇ ਚੋਣ ਲੜਾਂਗੇ: ਚੜੂਨੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਹਰਿਆਣਾ ਦੇ ਕਿਸਾਨ ਆਗੂ ਗੁਰਨਾਮ ਸਿੰਘ ਚੜੂਨੀ ਨੇ ਅੱਜ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਕਿਹਾ ਕਿ ਕਿਸਾਨਾਂ ਵੱਲੋਂ ਗਠਿਤ ਸਿਆਸੀ ਜਥੇਬੰਦੀ ਅਗਲੀਆਂ ਹਰਿਆਣਾ ਵਿਧਾਨ ਸਭਾ ਚੋਣਾਂ ਵਿਚ ਸਾਰੀਆਂ 90 ਵਿਧਾਨ ਸਭਾ ਸੀਟਾਂ 'ਤੇ ਚੋਣ ਲੜੇਗੀ। ਉਨ੍ਹਾਂ ਨੇ ਹਾਲ ਹੀ ਵਿਚ ਸੰਯੁਕਤ ਸੰਘਰਸ਼ ਪਾਰਟੀ ਦਾ ਗਠਨ ਕੀਤਾ ਹੈ। ਉਹ ਅੱਜ ਦੁਪਹਿਰ ਬਾਅਦ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਸਨ। ਉਨ੍ਹਾਂ ਨੇ ਇੱਥੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਰੀਆਂ ਸਿਆਸੀ ਪਾਰਟੀਆਂ ਕਿਸਾਨਾਂ ਨੂੰ ਛੱਡ ਚੁੱਕੀਆਂ ਹਨ, ਜਿਸ ਕਾਰਨ ਉਨ੍ਹਾਂ ਨੇ ਚੋਣਾਂ ਲੜਨ ਲਈ ਸਿਆਸੀ ਪਾਰਟੀ ਬਣਾਈ ਹੈ। ਉਨ੍ਹਾਂ ਕਿਹਾ ਕਿ ਸਿਆਸੀ ਪਾਰਟੀਆਂ ਸਿਰਫ਼ ਵੋਟਾਂ ਹਾਸਲ ਕਰਨ ਵਿਚ ਹੀ ਦਿਲਚਸਪੀ ਰੱਖਦੀਆਂ ਹਨ, ਕਿਸਾਨ ਭਾਈਚਾਰੇ ਨੂੰ ਦਰਪੇਸ਼ ਸਮੱਸਿਆਵਾਂ ਤੋਂ ਉਨ੍ਹਾਂ ਦਾ ਕੋਈ ਲੈਣਾ ਦੇਣਾ ਨਹੀਂ। ਉਨ੍ਹਾਂ ਦੀ ਪਾਰਟੀ ਸਮਾਜ ਦੇ ਸਾਰੇ ਵਰਗਾਂ ਨੂੰ ਨਾਲ ਲੈ ਕੇ ਚੱਲੇਗੀ ਅਤੇ ਹਰ ਕਿਸੇ ਨੂੰ ਇਨਸਾਫ਼ ਮਿਲਣਾ ਯਕੀਨੀ ਬਣਾਏਗੀ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਜਾਂ ਸਮਾਜ ਦਾ ਵਰਗ ਰਾਜਨੀਤੀ ਤੋਂ ਦੂਰ ਨਹੀਂ ਰਹਿ ਸਕਦਾ। ਇਕ ਕਿਸਾਨ ਵਜੋਂ ਉਹ ਜਾਣਦੇ ਹਨ ਕਿ ਕਿਸਾਨ ਨੇ ਖੇਤਾਂ ਵਿਚੋਂ ਨੁਕਸਾਨਦੇਹ ਨਦੀਨਾਂ ਨੂੰ ਕਿਵੇਂ ਖਤਮ ਕਰਨਾ ਹੈ।

# ਭ੍ਰਿਸ਼ਟਾਚਾਰ ਕੇਸ: ਹਾਈ ਕੋਰਟ ਕੇਜਰੀਵਾਲ ਦੀ ਜ਼ਮਾਨਤ ਅਰਜ਼ੀ 'ਤੇ ਭਲਕੇ ਕਰੇਗੀ ਸੁਣਵਾਈ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ



ਦਿੱਲੀ ਹਾਈ ਕੋਰਟ ਕਥਿਤ ਆਬਕਾਰੀ ਨੀਤੀ ਘਪਲੇ ਦੇ ਸਬੰਧ ਵਿਚ ਸੀ.ਬੀ.ਆਈ. ਵੱਲੋਂ ਦਰਜ ਭ੍ਰਿਸ਼ਟਾਚਾਰ ਕੇਸ 'ਚ ਜ਼ਮਾਨਤ ਦੀ ਮੰਗ ਕਰਦੀ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਪਟੀਸ਼ਨ 'ਤੇ 5 ਜੁਲਾਈ ਨੂੰ ਸੁਣਵਾਈ ਕਰੇਗੀ। ਕੇਜਰੀਵਾਲ ਵੱਲੋਂ ਪੇਸ਼ ਵਕੀਲ ਰਜਤ ਭਾਰਦਵਾਜ ਨੇ ਕਾਰਜਕਾਰੀ ਚੀਫ ਜਸਟਿਸ ਮਨਮੋਹਨ ਤੇ ਜਸਟਿਸ ਤੁਸ਼ਾਰ ਰਾਓ ਗੇਡੇਲਾ ਦੇ ਬੈਂਚ ਅੱਗੇ ਪੇਸ਼ ਹੋ ਕੇ ਪਟੀਸ਼ਨ ਸੁਣਵਾਈ ਲਈ ਫੌਰੀ ਸੂਚੀਬੱਧ ਕੀਤੇ ਜਾਣ ਦੀ ਮੰਗ ਕੀਤੀ, ਪਰ ਬੈਂਚ ਨੇ ਕਿਹਾ ਕਿ ਉਹ ਇਸ 'ਤੇ ਸ਼ੁੱਕਰਵਾਰ ਨੂੰ ਸੁਣਵਾਈ ਕਰੇਗਾ।ਭਾਰਦਵਾਜ ਨੇ ਜ਼ੋਰ ਦੇ ਕੇ ਆਖਿਆ ਕਿ ਉਸ ਦੇ ਮੁਵੱਕਿਲ ਨੂੰ ਬਣਦੀ ਕਾਨੂੰਨੀ ਕਾਰਵਾਈ ਤੋਂ ਬਗੈਰ ਹੀ ਗੈਰਕਾਨੂੰਨੀ ਹਿਰਾਸਤ ਵਿਚ ਲਿਆ ਗਿਆ, ਜਿਸ ਕਰਕੇ ਉਸ ਨੇ ਜ਼ਮਾਨਤ ਅਰਜ਼ੀ ਦਾਖ਼ਲ ਕੀਤੀ ਹੈ। ਸੀ.ਬੀ.ਆਈ. ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਕੇਜਰੀਵਾਲ ਨੂੰ 26 ਜੂਨ ਨੂੰ ਤਿਹਾੜ ਜੇਲ੍ਹ ਵਿਚੋਂ ਗ੍ਰਿਫ਼ਤਾਰ ਕੀਤਾ ਸੀ। ਇਸ ਦੌਰਾਨ ਸੂਤਰਾਂ ਮੁਤਾਬਕ ਕੇਜਰੀਵਾਲ ਟਰਾਇਲ ਕੋਰਟ ਵੱਲੋਂ 1 ਜੁਲਾਈ ਨੂੰ ਸੁਣਾਏ ਫੈਸਲੇ ਨੂੰ ਵੀ ਚੁਣੌਤੀ ਦਿੱਤੀ ਹੈ, ਜਿਸ ਵਿਚ ਕੋਰਟ ਨੇ ਕੇਜਰੀਵਾਲ ਦੀ ਉਹ ਅਪੀਲ ਰੱਦ ਕਰ ਦਿੱਤੀ ਸੀ, ਜਿਸ ਵਿਚ ਆਪ ਕਨਵੀਨਰ ਨੇ ਆਪਣੇ ਵਕੀਲਾਂ ਨਾਲ ਵੀਡੀਓ ਕਾਨਫਰੰਸਿੰਗ ਜ਼ਰੀਏ ਹਫ਼ਤੇ 'ਚ ਦੋ ਵਾਧੂ ਬੈਠਕਾਂ ਕਰਵਾਉਣ ਸਬੰਧੀ ਜੇਲ੍ਹ ਅਥਾਰਿਟੀਜ਼ ਨੂੰ ਹਦਾਇਤਾਂ ਜਾਰੀ ਕੀਤੇ ਜਾਣ ਦੀ ਮੰਗ ਕੀਤੀ ਸੀ। ਮੌਜੂਦਾ ਸਮੇਂ ਕੇਜਰੀਵਾਲ ਨੂੰ ਹਫ਼ਤੇ ਵਿਚ ਦੋ ਵਾਰ ਆਪਣੇ ਵਕੀਲਾਂ ਨਾਲ ਮਿਲਣ ਦੀ ਖੁੱਲ੍ਹ ਹੈ।ਇਸ ਦੌਰਾਨ ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਦੀ ਕੋਰਟ ਨੇ ਕਥਿਤ ਆਬਕਾਰੀ ਨੀਤੀ ਘਪਲੇ ਨਾਲ ਜੁੜੇ ਮਨੀ ਲਾਂਡਰਿੰਗ ਕੇਸ ਵਿਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਨਿਆਇਕ ਹਿਰਾਸਤ 12 ਜੁਲਾਈ, ਜਦਕਿ ਮਨੀਸ਼ ਸਿਸੋਦੀਆ, ਕੇ. ਕਵਿਤਾ ਤੇ ਹੋਰਨਾਂ ਮੁਲਜ਼ਮਾਂ ਦੀ 25 ਜੁਲਾਈ ਤੱਕ ਵਧਾ ਦਿੱਤੀ ਹੈ। ਇਕ ਹੋਰ ਮੁਲਜ਼ਮ ਤੇ 'ਆਪ' ਦੇ ਰਾਜ ਸਭਾ ਮੈਂਬਰ ਸੰਜੇ ਸਿੰਘ ਨੇ ਅਰਜ਼ੀ ਦਾਇਰ ਕਰਕੇ ਪੇਸ਼ੀ ਤੋਂ ਨਿੱਜੀ ਛੋਟ ਮੰਗੀ ਹੈ। ਕੇਜਰੀਵਾਲ ਨੂੰ ਵੀਡੀਓ ਕਾਨਫਰੰਸਿੰਗ ਜ਼ਰੀਏ ਕੋਰਟ 'ਚ ਪੇਸ਼ ਕੀਤਾ ਗਿਆ ਸੀ। ਦਿੱਲੀ ਦੀ ਰਾਊਜ਼ ਐਵੇਨਿਊ ਕੋਰਟ ਨੇ ਈ.ਡੀ. ਨੂੰ ਹਦਾਇਤ ਕੀਤੀ ਹੈ ਕਿ ਉਹ ਮੁਲਜ਼ਮਾਂ ਨੂੰ ਦੋ ਦਿਨਾਂ 'ਚ ਸਪਲੀਮੈਂਟਰੀ ਚਾਰਜਸ਼ੀਟ ਦੀ ਕਾਪੀ ਮੁਹੱਈਆ ਕਰਵਾਏ।

# ਹੈਤੀ 'ਚ ਹਿੰਸਾ ਕਾਰਨ ਤਿੰਨ ਲੱਖ ਬੱਚੇ ਹੋਏ ਬੇਘਰ

ਸਾਨ ਯੁਆਨ
ਸਾਂਝੀ ਸੋਚ ਬਿਊਰੋ

ਹੈਤੀ ਵਿਚ ਗਿਰੋਹਾਂ ਵੱਲੋਂ ਕੀਤੀ ਗਈ ਹਿੰਸਾ ਕਾਰਨ ਮਾਰਚ ਤੋਂ 3,00,000 ਤੋਂ ਵੱਧ ਬੱਚੇ ਬੇਘਰ ਹੋ ਗਏ ਹਨ। ਸੰਯੁਕਤ ਰਾਸ਼ਟਰ ਦੀ ਬਾਲ ਏਜੰਸੀ ਨੇ ਇਹ ਖੁਲਾਸਾ ਕੀਤਾ। ਇਹ ਕੈਰੇਬੀਅਨ ਦੇਸ਼ ਹੱਤਿਆਵਾਂ ਅਤੇ ਅਗਵਾ ਵਰਗੀਆਂ ਘਟਨਾਵਾਂ ਨੂੰ ਰੋਕਣ ਲਈ ਜੂਝ ਰਿਹਾ ਹੈ। ਪਿਛਲੇ ਚਾਰ ਮਹੀਨਿਆਂ ਵਿਚ ਬੇਘਰ ਹੋਏ ਲਗਭਗ 5,80,000 ਲੋਕਾਂ 'ਚੋਂ ਅੱਧੇ ਤੋਂ ਵੱਧ ਬੱਚੇ ਹਨ। ਸਰਕਾਰ ਦੇ ਮੁੱਖ ਬੁਨਿਆਦੀ ਢਾਂਚੇ 'ਤੇ ਲੜੀਵਾਰ ਹਮਲਿਆਂ ਮਗਰੋਂ ਫਰਵਰੀ ਦੇ ਅਖੀਰ ਵਿਚ ਹਿੰਸਾ 'ਚ ਵਾਧਾ ਸ਼ੁਰੂ ਹੋਇਆ ਸੀ। ਇਸ ਮਗਰੋਂ ਪ੍ਰਧਾਨ ਮੰਤਰੀ ਏਰੀਅਲ ਹੈਨਰੀ ਨੇ ਅਪ੍ਰੈਲ 'ਚ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। (ਯੂਨੀਸੈੱਫ) ਦੀ ਕਾਰਜਕਾਰੀ ਨਿਰਦੇਸ਼ਕ ਕੈਥਰੀਨ ਰਸਲ ਨੇ ਇਕ ਬਿਆਨ ਵਿਚ ਕਿਹਾ, "ਸਾਡੀਆਂ ਅੱਖਾਂ ਸਾਹਮਣੇ ਹੋ ਰਿਹਾ ਮਨੁੱਖਤਾ ਦਾ ਘਾਣ ਬੱਚਿਆਂ 'ਤੇ ਮਾਰੂ ਪ੍ਰਭਾਵ ਪਾ ਰਿਹਾ ਹੈ। ਬੇਘਰ ਹੋਏ ਬੱਚਿਆਂ ਨੂੰ ਇੱਕ ਸੁਰੱਖਿਅਤ ਵਾਤਾਵਰਨ ਅਤੇ ਕੌਮਾਂਤਰੀ ਭਾਈਚਾਰੇ ਤੋਂ ਸਮਰਥਨ ਤੇ ਫੰਡਿੰਗ ਦੀ ਸਖ਼ਤ ਲੋੜ ਹੈ।"

ਮਾਰੈ ਰਾਖੈ ਏਕੋ ਆਪਿ॥ ਮਾਨੁਖ ਕੈ ਕਿਛੁ ਨਾਹੀ ਹਾਥਿ॥

**The One Lord Himself destroys and also preserves,
Nothing at all is in the hands of mortal beings.**

Your love will light our way,
your memory will forever be with us.



# Smt. Sunita Kalia

With profound grief, all of you are informed that our beloved **Smt.Sunita Kalia Ji W/o Sh. Sushil Kalia** has passed away to the heavenly abode on June 26, 2024 after completing his worldly journey. May God give peace to the departed soul and rest in his feet. May the family be given the strength to cope. **Smt. Sunita Kalia Ji's 'Rasam Kirya'** will be held on **July 7, 2024 Sunday** at **Mandir Shri Ramwada, Near Canal, Rayya Mandi, Amritsar from 1.00 PM to 2.00 PM.**

Grief Stricken

**All Kalia Family**
**98727-32158,98729-12346,95018-93060**

# ਬਾਲੀਵੁੱਡ ਈਵੈਂਟਸ ਵੱਲੋਂ ਅਕਤੂਬਰ ਮਹੀਨੇ ਪੰਜਾਬੀ ਗਾਇਕ ਗੁਰਦਾਸ ਮਾਨ ਦੇ ਸ਼ੋਆਂ ਦਾ ਆਯੋਜਨ

**ਕੈਲੀਫੋਰਨੀਆ**
**ਸਾਂਝੀ ਸੋਚ ਬਿਊਰੋ**

ਬਾਲੀਵੁੱਡ ਈਵੈਂਟਸ, ਐਲਐਲਸੀ, ਇੱਕ ਕੈਲੀਫੋਰਨੀਆ-ਅਧਾਰਤ ਲਿਮਿਟਡ ਲਾਇਬਿਲਟੀ ਕੰਪਨੀ ਨੇ ਛੇ ਸਾਲਾਂ ਬਾਅਦ ਮਹਾਨ ਗਾਇਕ ਗੁਰਦਾਸ ਮਾਨ ਦੀ ਅਮਰੀਕਾ ਵਾਪਸੀ ਦੀ ਘੋਸ਼ਣਾ ਕੀਤੀ ਹੈ। ਬਿਕਰਮ ਜੀਤ ਸਿੰਘ ਵੱਲੋਂ ਜਾਰੀ ਪ੍ਰੈਸ ਬਿਆਨ ਵਿੱਚ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਹੈ ਕਿ ਗੁਰਦਾਸ ਮਾਨ, ਉਸਦੇ ਸਮੂਹ ਸੰਗੀਤਕਾਰਾਂ ਦੇ ਨਾਲ ਸਾਊਂਡ ਟੈਕਨੀਸ਼ੀਅਨ ਅਤੇ ਲਾਈਟਿੰਗ ਇੰਜਨੀਅਰਾਂ ਨੂੰ ਅਮਰੀਕਾ ਦਾ ਵੀਜ਼ਾ ਮਿਲ ਗਿਆ ਹੈ ਅਤੇ ਉਹ ਅਕਤੂਬਰ 2024 ਵਿੱਚ ਅਮਰੀਕਾ ਦੇ ਵੱਖ-ਵੱਖ ਸ਼ਹਿਰਾਂ ਵਿਚ ਪ੍ਰਦਰਸ਼ਨ ਕਰਨਗੇ। ਸਿਰਲੇਖ ਵਾਲਾ 'ਅੱਖੀਆਂ ਉਡੀਕ ਦੀਆਂ' ਟੂਰ ਦਾ ਨਾਮ ਮਾਨ ਅਤੇ ਉਸਦੇ ਪ੍ਰਸ਼ੰਸਕਾਂ ਦੀ ਆਪਸੀ ਇੱਛਾ ਨੂੰ ਪੂਰੀ ਤਰ੍ਹਾਂ ਕੈਪਚਰ ਕਰਦਾ ਹੈ, ਗੁਰਦਾਸ ਮਾਨ ਨੇ ਸੰਯੁਕਤ ਰਾਜ ਅਮਰੀਕਾ ਵਿੱਚ 2018 ਤੋਂ ਕੋਈ ਵੀ ਸ਼ੋਅ ਨਹੀਂ ਕੀਤਾ। ਪਹਿਲਾਂ ਟੂਰ ਦੀ ਸ਼ੁਰੂਆਤ ਵਿੱਚ 2021 ਲਈ ਯੋਜਨਾ ਬਣਾਈ ਗਈ ਸੀ ਪਰ ਕੋਵਿਡ-19 ਮਹਾਂਮਾਰੀ ਦੇ ਕਾਰਨ ਇਸ ਵਿੱਚ ਦੇਰੀ ਹੋ ਗਈ। ਅਸਲ ਵਿੱਚ ਛੇ ਸ਼ੋਅ ਟੂਰ ਵਜੋਂ ਅਪ੍ਰੈਲ 2022 ਲਈ ਮੁੜ ਨਿਯਤ ਕੀਤੇ ਗਏ ਸਨ, ਪਰ ਉਹ ਵੀ ਨਹੀਂ ਹੋ ਸਕੇ। ਹੁਣ ਜਨਤਕ ਮੰਗ ਕਾਰਨ ਦੋ ਹੋਰ ਸ਼ੋਅ ਸ਼ਾਮਲ ਕੀਤੇ ਗਏ ਹਨ ਅਤੇ ਹੁਣ ਅੱਠ-ਸ਼ੋਅ ਅਕਤੂਬਰ 2024 ਵਿਚ ਕਰਵਾਏ ਜਾ ਰਹੇ ਹਨ। ਗੁਰਦਾਸ ਮਾਨ ਨੇ ਪਿਛਲੇ ਸਾਲ ਆਪਣਾ ਨਵਾਂ ਮੋਟੀਵੇਸ਼ਨਲ ਟ੍ਰੈਕ, ਚਿੰਤਾ ਨਾ ਕਰ ਯਾਰ ਰਿਲੀਜ਼ ਕੀਤਾ ਅਤੇ ਆਪਣੇ ਯੂਐਸਏ ਦੌਰੇ ਤੋਂ ਪਹਿਲਾਂ ਚਾਰ ਹੋਰ ਸ਼ਕਤੀਸ਼ਾਲੀ ਡਾਂਸ ਟਰੈਕ ਰਿਲੀਜ਼ ਕਰਨ ਦੀ ਯੋਜਨਾ ਬਣਾਈ। ਆਪਣੇ ਸ਼ਾਨਦਾਰ ਕੈਰੀਅਰ ਦੌਰਾਨ, ਮਾਨ ਨੇ 2023 ਵਿੱਚ ਆਸਟ੍ਰੇਲੀਆ, ਯੂ.ਕੇ. ਅਤੇ ਨਿਊਜ਼ੀਲੈਂਡ ਵਰਗੇ ਦੇਸ਼ਾਂ ਵਿੱਚ ਪ੍ਰਦਰਸ਼ਨ ਕਰਦੇ ਹੋਏ, ਆਪਣੇ ਭਾਵਪੂਰਤ ਬੋਲਾਂ ਅਤੇ ਮਨਮੋਹਕ ਸਟੇਜ ਮੌਜੂਦਗੀ ਨਾਲ ਦੁਨੀਆ ਭਰ ਦੇ ਪ੍ਰਸ਼ੰਸਕਾਂ ਨੂੰ ਪ੍ਰੇਰਿਤ ਕੀਤਾ ਹੈ। ਅਕਤੂਬਰ 2024 ਵਿੱਚ, ਗੁਰਦਾਸ ਮਾਨ ਆਪਣੀਆਂ ਬੋਲੀਆਂ, ਭਾਵਪੂਰਤ ਆਵਾਜ਼ ਰਾਹੀਂ ਲੋਕਾਂ ਵਿੱਚ ਲੈ ਕੇ ਆਉਣਗੇ। ਇਹ ਟੂਰ 5 ਅਕਤੂਬਰ ਨੂੰ ਨਿਊਯਾਰਕ ਵਿੱਚ ਸ਼ੁਰੂ ਹੋਵੇਗਾ ਅਤੇ ਇੱਕ ਸ਼ਾਨਦਾਰ ਫਾਈਨਲ ਦੇ ਨਾਲ ਸਮਾਪਤ ਹੋਵੇਗਾ ਸਿਆਟਲ, ਡਬਲਯੂ.ਏ, 27 ਅਕਤੂਬਰ, 2024 ਨੂੰ।




ਇਹ ਸ਼ੋਅ ਬਾਲੀਵੁੱਡ ਈਵੈਂਟਸ, ਐਲਐਲਸੀ ਦੁਆਰਾ ਆਯੋਜਿਤ ਅਤੇ ਪ੍ਰਮੋਟ ਕੀਤੇ ਜਾ ਰਹੇ ਹਨ, ਜੋ ਕਿ ਆਕਾਸ਼ ਸ਼ਰਮਾ ਅਤੇ ਪ੍ਰਵੀਨ ਸਿੰਘ ਦੇ ਸਹਿਯੋਗ ਨਾਲ ਪਿਛਲੇ 25 ਸਾਲਾਂ ਤੋਂ ਅਮਰੀਕਾ ਅਤੇ ਕੈਨੇਡਾ ਵਿੱਚ ਸ਼ੋਅ ਕਰਵਾ ਰਹੇ ਹਨ।

ਟੂਰ ਦੀਆਂ ਤਾਰੀਖਾਂ:
- ਨਿਊਯਾਰਕ, NY: 5 ਅਕਤੂਬਰ, 2024
- ਡੱਲਾਸ, TX: ਅਕਤੂਬਰ 6, 2024
- ਬੇਕਰਸਫੀਲਡ, CA: ਅਕਤੂਬਰ 12, 2024
- ਫਰਿਜ਼ਨੋ, CA: ਅਕਤੂਬਰ 13, 2024
- ਸਟਾਕਟਨ, CA: ਅਕਤੂਬਰ 19, 2024
- ਸੇਲਮ, OR: ਅਕਤੂਬਰ 20, 2024
- ਸੈਨ ਜੋਸ, CA: ਅਕਤੂਬਰ 26, 2024
- ਸਿਆਟਲ, WA: ਅਕਤੂਬਰ 27, 2024

ਵਧੇਰੇ ਜਾਣਕਾਰੀ ਲਈ ਤੁਸੀਂ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰ ਸਕਦੇ ਹੋ।

ਬਿਕਰਮ ਜੀਤ ਸਿੰਘ
ਬਾਲੀਵੁੱਡ ਇਵੈਂਟਸ, LLC
669.265.4603
ਆਕਾਸ਼ ਸ਼ਰਮਾ
209.750.5303
ਪ੍ਰਵੀਨ ਸਿੰਘ
209.587.1902

## ਅਮਰੀਕਾ ਦੇ 2 ਸ਼ਮਸ਼ਾਨਘਾਟਾਂ ਵਿਚ ਯਹੂਦੀ ਕਬਰਾਂ ਦੀ ਭੰਨਤੋੜ ਮਾਮਲੇ ਦੀ ਜਾਂਚ ਐਫਬੀਆਈ ਅਤੇ ਪੁਲਿਸ ਕਰੇਗੀ

**ਸੈਕਰਾਮੈਂਟੋ**
**ਹੁਸਨ ਲੜੋਆ ਬੰਗਾ**

ਅਮਰੀਕਾ ਦੇ ਓਹੀਓ ਰਾਜ ਦੇ ਸ਼ਹਿਰ ਸਿਨਸਿਨਾਟੀ ਦੇ 2 ਸ਼ਮਸ਼ਾਨਘਾਟਾਂ ਵਿਚ 180 ਦੇ ਕਰੀਬ ਯਹੂਦੀ ਕਬਰਾਂ ਦੀ ਭੰਨਤੋੜ ਕੀਤੀ ਗਈ ਹੈ। ਕਬਰਾਂ ਉਪਰ ਲੱਗੇ ਪੱਥਰਾਂ ਨੂੰ ਤੋੜ ਦਿੱਤਾ ਗਿਆ ਹੈ। ਇਹ ਜਾਣਕਾਰੀ ਜੈਵਿਸ਼ ਸੀਮਿਟਰੀਜ ਗਰੇਟ ਸਿਨਸਿਨਾਟੀ ਤੇ ਜੈਵਿਸ਼ ਫੈਡਰੇਸ਼ਨ ਸਿਨਸਿਨਾਟੀ ਨੇ ਦਿੱਤੀ ਹੈ। ਜਿਨਾਂ ਕਬਰਾਂ ਦੇ ਪੱਥਰ ਤੋੜੇ ਗਏ ਹਨ ਉਨਾਂ ਵਿਚੋਂ ਕੁਝ ਕਬਰਾਂ 18ਵੀਂ ਸਦੀ ਦੇ ਆਖਰ ਦੀਆਂ ਹਨ। ਯਹੂਦੀ ਸੰਸਥਾਵਾਂ ਵੱਲੋਂ ਜਾਰੀ ਬਿਆਨ ਅਨੁਸਾਰ ਵਿਸ਼ਵਾਸ਼ ਕੀਤਾ ਜਾਂਦਾ ਹੈ ਕਿ ਕਬਰਾਂ ਦਾ ਅਪਮਾਨ 25 ਜੂਨ ਤੋਂ 1 ਜੁਲਾਈ ਦੇ ਵਿਚਾਲੇ ਹੋਇਆ ਹੈ ਪਰੰਤੂ ਇਸ ਦਾ ਪਤਾ ਸੋਮਵਾਰ ਦੀ ਸਵੇਰ ਨੂੰ ਲੱਗਾ। ਬਿਆਨ ਅਨੁਸਾਰ ਮਾਮਲੇ ਦੀ



ਐਫ ਬੀ ਆਈ, ਸਿਨਸਿਨਾਟੀ ਪੁਲਿਸ ਤੇ ਗਰੀਨ ਟਾਊਨਸ਼ਿੱਪ ਹਮਿਲਟਨ ਕਾਊਂਟੀ ਕਰ ਰਹੇ ਹਨ। ਜੈਵਿਸ਼ ਫੈਡਰੇਸ਼ਨ ਸਿਨਸਿਨਾਟੀ ਨੇ ਇਕ ਬਿਆਨ ਵਿਚ ਕਿਹਾ ਹੈ ਕਿ "ਉਹ ਇਸ ਨਫਰਤ ਭਰੀ ਕਾਰਵਾਈ ਤੇ ਅਪਮਾਨ ਦੀ ਨਿੰਦਾ ਕਰਦੇ ਹਨ। ਅਸੀਂ ਇਸ ਬੇਹੂਦਾ ਕਾਰਵਾਈ ਤੋਂ ਪ੍ਰਭਾਵਿਤ ਪਰਿਵਾਰਾਂ ਦੇ ਦੁੱਖ ਵਿਚ ਸ਼ਰੀਕ ਹਾਂ। ਸਿਨਸਿਨਾਟੀ ਵਿਚਲਾ ਯਹੂਦੀ ਭਾਈਚਾਰਾ ਬਹੁਤ ਉਦਾਰ ਪਹੁੰਚ ਰਖਦਾ ਹੈ ਤੇ ਉਹ ਕਬਰਾਂ ਦੀ ਮੁਰੰਮਤ ਕਰਨ ਤੇ ਉਨਾਂ ਦੀ ਪਵਿੱਤਰਤਾ ਬਹਾਲ ਕਰਨ ਪ੍ਰਤੀ ਦ੍ਰਿੜ ਸੰਕਲਪ ਹੈ।" ਇਥੇ ਜਿਕਰਯੋਗ ਹੈ ਕਿ ਪਿਛਲੇ ਸਾਲ ਅਕਤੂਬਰ ਵਿਚ ਹਮਾਸ ਤੇ ਇਸਰਾਈਲ ਵਿਚਾਲੇ ਛਿੜੀ ਜੰਗ ਤੋਂ ਬਾਅਦ ਅਮਰੀਕਾ ਵਿਚ ਯਹੂਦੀਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਘਟਨਾਵਾਂ ਵਿਚ ਭਾਰੀ ਵਾਧਾ ਹੋਇਆ ਹੈ।

**Matrimonial**

Looking for a bride for American Citizen Ramagarhia Sikh Boy divorced from short marriage, No Kids. Born in 1984, height 5'10". Looking for American citizen or Green Card Holder girl.
Contact- +1(510) 200-1772

**ਕੰਨਿਆ ਦੀ ਲੋੜ**
ਅਮਰੀਕਨ ਨਾਗਰਿਕ ਰਾਮਗੜ੍ਹੀਆ ਸਿੱਖ ਮੁੰਡਾ ਜਨਮ 1984, 5'10" ਤਲਾਕਸ਼ੁਦਾ ਕੋਈ ਬੱਚਾ ਨਹੀਂ, ਲਈ ਅਮਰੀਕਾ ਵਿੱਚ ਪੱਕੀ ਜਾਂ ਗਰੀਨ ਕਾਰਡ ਹੋਲਡਰ ਲੜਕੀ ਦੀ ਜ਼ਰੂਰਤ ਹੈ।
ਸੰਪਰਕ- +1(510) 200-1772

## ਚੋਹਲਾ ਸਾਹਿਬ ਦੇ ਦੁਕਾਨਦਾਰਾਂ ਨੇ ਦੂਸਰੇ ਦਿਨ ਵੀ ਆਪਣੀਆਂ ਦੁਕਾਨਾਂ ਰੱਖੀਆਂ ਬੰਦ

**ਤਰਨ ਤਾਰਨ**
**ਰਕੇਸ਼ ਨਈਅਰ**

ਫਿਰੌਤੀ ਦੀ ਮੰਗ ਨੂੰ ਲੈਕੇ ਮੰਗਲਵਾਰ ਨੂੰ ਦਿਨ ਦਿਹਾੜੇ ਜ਼ਿਲ੍ਹਾ ਤਰਨਤਾਰਨ ਦੇ ਕਸਬਾ ਚੋਹਲਾ ਸਾਹਿਬ ਵਿਖੇ ਇੱਕ ਦੁਕਾਨਦਾਰ 'ਤੇ ਗੈਂਗਸਟਰਾਂ ਵਲੋਂ ਭਰੇ ਬਜ਼ਾਰ ਵਿੱਚ ਗੋਲੀਆਂ ਚਲਾ ਕੇ ਉਸਨੂੰ ਗੰਭੀਰ ਰੂਪ ਵਿੱਚ ਜ਼ਖ਼ਮੀ ਕਰਨ ਦੇ ਰੋਸ ਵਜੋਂ ਕਸਬੇ ਦੇ ਸਮੂਹ ਦੁਕਾਨਦਾਰਾਂ ਵਲੋਂ ਆਪਣੀ ਇੱਕਜੁਟਤਾ ਦਾ ਪ੍ਰਗਟਾਵਾ ਕਰਦੇ ਹੋਏ ਬੁੱਧਵਾਰ ਨੂੰ ਦੂਸਰੇ ਦਿਨ ਵੀ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਹਮਲਾਵਰਾਂ ਨੂੰ ਜਲਦ ਗ੍ਰਿਫਤਾਰ ਕਰਨ ਦੀ ਮੰਗ ਕੀਤੀ ਗਈ ਅਤੇ ਐਲਾਨ ਕੀਤਾ ਕਿ ਜਦ ਤੱਕ ਦੁਕਾਨਦਾਰਾਂ ਨੂੰ ਇਨਸਾਫ ਨਹੀਂ ਮਿਲ ਜਾਂਦਾ ਉਹ ਆਪਣੀਆਂ ਦੁਕਾਨਾਂ ਨਹੀਂ ਖੋਲ੍ਹਣਗੇ ਅਤੇ ਵੱਡਾ ਐਕਸ਼ਨ ਲੈਣ ਲਈ ਮਜਬੂਰ ਹੋਣਗੇ। ਜ਼ਿਕਰਯੋਗ ਹੈ ਕਿ ਸਥਾਨਕ ਕਸਬੇ ਵਿੱਚ ਮੋਬਾਈਲਾਂ ਦੀ ਦੁਕਾਨ ਕਰਦੇ ਪ੍ਰੀਤ ਟੈਲੀਕਾਮ ਦੇ ਮਾਲਕ ਗੁਰਜਿੰਦਰ ਸਿੰਘ ਕੋਲੋਂ ਕੁਝ ਦਿਨ ਪਹਿਲਾਂ ਵਟਸਐਪ ਕਾਲ ਰਾਹੀਂ ਗੈਂਗਸਟਰ ਸੱਤਾ ਨੌਸ਼ਹਿਰਾ ਦੇ ਨਾਮ 'ਤੇ 10 ਲੱਖ ਰੁਪਏ ਦੀ ਫਿਰੌਤੀ ਮੰਗੀ ਗਈ ਸੀ ਅਤੇ ਇਸ ਕਾਲ ਸੰਬੰਧੀ ਉਸ ਵਲੋਂ ਪੁਲਿਸ ਥਾਣਾ ਚੋਹਲਾ ਸਾਹਿਬ ਵਿਖੇ ਸੂਚਿਤ ਵੀ ਕੀਤਾ ਗਿਆ ਸੀ। ਦੁਕਾਨਦਾਰ ਗੁਰਜਿੰਦਰ ਸਿੰਘ ਵਲੋਂ ਫਿਰੌਤੀ ਦੀ ਮੰਗ ਪੂਰੀ ਨਾ ਕਰਨ ਕਰਕੇ ਮੰਗਲਵਾਰ ਨੂੰ ਦਿਨ-ਦਿਹਾੜੇ ਭਰੇ ਬਜ਼ਾਰ ਵਿੱਚ ਮੋਟਰਸਾਈਕਲ ਸਵਾਰ ਦੋ ਅਣਪਛਾਤੇ ਨੌਜਵਾਨਾਂ ਵਲੋਂ ਦੁਕਾਨਦਾਰ ਗੁਰਜਿੰਦਰ ਸਿੰਘ 'ਤੇ ਗੋਲੀਆਂ ਚਲਾ ਦਿੱਤੀਆਂ ਜਿਸ ਨਾਲ ਉਹ ਗੰਭੀਰ ਜ਼ਖ਼ਮੀ ਹੋ ਗਿਆ ਅਤੇ ਉਸਦਾ ਇੱਕ ਸਾਥੀ ਦੁਕਾਨਦਾਰ ਸਤਨਾਮ ਸਿੰਘ ਵੀ ਗੋਲੀ ਲੱਗਣ ਨਾਲ ਜ਼ਖ਼ਮੀ ਹੋ ਗਿਆ। ਵਾਰਦਾਤ ਕਰਨ ਤੋਂ ਬਾਅਦ ਮੋਟਰਸਾਈਕਲ ਸਵਾਰ ਦੋਵੇਂ ਅਣਪਛਾਤੇ ਨੌਜਵਾਨ ਫਰਾਰ ਹੋ ਗਏ। ਇਹ ਸਾਰੀ ਵਾਰਦਾਤ ਦੁਕਾਨ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਵੀ ਕੈਦ ਹੋ ਗਈ ਹੈ। ਜਿਸ ਵਿਚ ਗੋਲੀਆਂ ਚਲਾਉਣ ਵਾਲੇ ਇੱਕ ਨੌਜਵਾਨ ਦਾ ਚਿਹਰਾ ਸਾਫ਼ ਦਿਖਾਈ ਦੇ ਰਿਹਾ ਹੈ। ਦਿਨ ਦਿਹਾੜੇ ਵਾਪਰੀ ਇਸ ਘਟਨਾ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ। ਇਸ ਘਟਨਾ ਤੋਂ ਬਾਅਦ ਰੋਸ ਵਜੋਂ ਸਮੂਹ ਦੁਕਾਨਦਾਰਾਂ ਵਲੋਂ ਆਪਣੀਆਂ ਦੁਕਾਨਾਂ ਬੰਦ ਕਰ ਦਿੱਤੀਆਂ ਗਈਆਂ। ਦਿਨ-ਦਿਹਾੜੇ ਭਰੇ ਬਜ਼ਾਰ ਵਿੱਚ ਵਾਪਰੀ ਉਕਤ ਘਟਨਾ ਨੂੰ ਲੈਕੇ ਬੁੱਧਵਾਰ ਨੂੰ ਦੂਜੇ ਦਿਨ ਵੀ ਸਮੂਹ ਦੁਕਾਨਦਾਰਾਂ ਵਲੋਂ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਇਥੋਂ ਦੇ ਗੁਰਦੁਆਰਾ ਪਾਤਸ਼ਾਹੀ ਪੰਜਵੀ ਦੇ ਦੀਵਾਨ ਹਾਲ ਵਿੱਚ ਭਾਰੀ ਇਕੱਠ ਕੀਤਾ ਗਿਆ ਅਤੇ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਦੀ ਢਿੱਲੀ ਕਾਰਵਾਈ ਖ਼ਿਲਾਫ਼ ਰੋਸ ਪ੍ਰਗਟ ਕਰਦੇ ਹੋਏ ਨਾਅਰੇਬਾਜ਼ੀ ਵੀ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਸਮੂਹ ਦੁਕਾਨਦਾਰਾਂ ਨੇ ਇੱਕ ਸੁਰ ਵਿੱਚ ਪੁਲਿਸ ਦੀ ਢਿੱਲੀ ਕਾਰਗੁਜਾਰੀ 'ਤੇ ਸਵਾਲੀਆ ਚਿੰਨ ਲਗਾਉਂਦਿਆਂ ਹੋਇਆ ਖੁਦ ਨੂੰ ਅਸੁਰੱਖਿਅਤ ਦੱਸਿਆ ਅਤੇ ਕਿਹਾ ਕਿ ਕਸਬਾ ਚੋਹਲਾ ਸਾਹਿਬ ਵਿੱਚ ਫਿਰੌਤੀਆਂ ਮੰਗਣ ਦਾ ਸਿਲਸਿਲਾ ਪਿਛਲੇ ਕੁਝ ਮਹੀਨਿਆਂ ਤੋਂ ਲਗਾਤਾਰ ਜਾਰੀ ਹੈ। ਜਿਸ ਦੌਰਾਨ ਵੱਖ-ਵੱਖ ਗੈਂਗਸਟਰਾਂ ਦੇ ਨਾਮ 'ਤੇ ਦੁਕਾਨਦਾਰਾਂ ਤੋਂ ਫ਼ਿਰੌਤੀਆਂ ਮੰਗੀਆਂ ਜਾ ਰਹੀਆਂ ਹਨ। ਜਿਸਦੇ ਚੱਲਦਿਆਂ ਦੁਕਾਨਦਾਰਾਂ ਵੱਲੋਂ ਪੁਲਿਸ ਪ੍ਰਸ਼ਾਸ਼ਨ ਨੂੰ ਸੂਚਿਤ ਕੀਤੇ ਜਾਣ ਤੋਂ ਬਾਅਦ ਵੀ ਉਹਨਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ ਹੈ ਅਤੇ ਉਹਨਾਂ ਨੂੰ ਮਜਬੂਰਨ ਫਿਰੌਤੀ ਦੀਆਂ ਰਕਮਾਂ ਦੇਣੀਆਂ ਪੈ ਰਹੀਆ ਹਨ। ਦੁਕਾਨਦਾਰਾਂ ਨੇ ਇਕਸੁਰ ਵਿੱਚ ਕਿਹਾ ਕਿ ਪੁਲਿਸ ਪ੍ਰਸ਼ਾਸ਼ਨ ਉਹਨਾਂ ਦੀ ਜਾਨ ਮਾਲ ਦੀ ਰਾਖੀ ਵਿੱਚ ਪੂਰੀ ਤਰਾਂ ਅਸਫਲ ਦਿਖਾਈ ਦੇ ਰਿਹਾ ਹੈ,ਕਿਉਂਕਿ ਕਸਬੇ ਵਿੱਚ ਵਾਰ-ਵਾਰ ਫਿਰੌਤੀਆਂ ਮੰਗਣ ਦੇ ਸਿਲਸਿਲੇ ਤੋਂ ਬਾਅਦ ਵੀ ਕਸਬਾ ਚੋਹਲਾ ਸਾਹਿਬ ਦੇ ਕਿਸੇ ਵੀ ਚੌਂਕ ਜਾਂ ਬਜਾਰ ਵਿੱਚ ਪੁਲਿਸ ਵਲੋਂ ਨਾ ਹੀ ਕੋਈ ਗਸ਼ਤ ਲਗਾਈ ਗਈ ਹੈ ਅਤੇ ਨਾ ਹੀ ਕੋਈ ਲਗਾਤਾਰਤਾ ਨਾਲ ਨਾਕਾਬੰਦੀ ਕੀਤੀ ਜਾਂਦੀ ਹੈ। ਜਿਸ ਕਰਕੇ ਇੰਨ੍ਹਾਂ ਸਮਾਜ ਵਿਰੋਧੀ ਅਨਸਰਾਂ ਦੇ ਹੌਸਲੇ ਲਗਾਤਾਰ ਬੁਲੰਦ ਹੋ ਰਹੇ ਹਨ। ਦੁਕਾਨਦਾਰਾਂ ਦੇ ਹੋਏ ਇਸ ਇਕੱਠ ਵਿੱਚ ਪੁੱਜੇ ਸ਼੍ਰੀ ਗੋਇੰਦਵਾਲ ਸਬ ਡਵੀਜਨ ਦੇ ਡੀਐਸਪੀ ਰਵੀਸ਼ੇਰ ਸਿੰਘ ਵਲੋਂ ਸਮੂਹ ਦੁਕਾਨਦਾਰਾਂ ਨੂੰ ਭੈਅ ਮੁਕਤ ਹੋਕੇ ਆਪਣੀਆਂ ਦੁਕਾਨਾਂ ਖੋਲਣ ਦੀ ਅਪੀਲ ਕਰਦਿਆਂ ਕਿਹਾ ਕਿ ਪੁਲਿਸ ਜਨਤਾ ਦੀ ਜਾਨ ਮਾਲ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੁਕਾਨਦਾਰਾਂ ਨੂੰ ਵਿਸ਼ਵਾਸ਼ ਦਿਵਾਇਆ ਕਿ ਉਕਤ ਵਾਰਦਾਤ ਵਿੱਚ ਸ਼ਾਮਲ ਹਮਲਾਵਰਾਂ ਨੂੰ 48 ਘੰਟੇ ਦੇ ਅੰਦਰ-ਅੰਦਰ ਗ੍ਰਿਫਤਾਰ ਕਰ ਲਿਆ ਜਾਵੇਗਾ। ਇਸ ਸਮੇਂ ਸਮੂਹ ਦੁਕਾਨਦਾਰਾਂ ਨੇ ਕਿਹਾ ਕਿ ਉਕਤ ਵਾਪਰੀ ਘਟਨਾ ਵਿੱਚ ਸ਼ਾਮਲ ਗੋਲੀਆਂ ਚਲਾਉਣ ਵਾਲੇ ਇੱਕ ਨੌਜਵਾਨ ਦਾ ਚਿਹਰਾ ਸੀਸੀਟੀਵੀ ਕੈਮਰਿਆਂ ਵਿੱਚ ਸਾਫ ਦਿਖਾਈ ਦੇ ਰਿਹਾ ਹੈ, ਇਸਦੇ ਬਾਵਜੂਦ ਜੇਕਰ ਪੁਲਿਸ ਪ੍ਰਸ਼ਾਸ਼ਨ ਵਲੋਂ ਹਮਲਾਵਰਾਂ ਨੂੰ 48 ਘੰਟੇ ਵਿੱਚ ਗ੍ਰਿਫਤਾਰ ਕਰਕੇ ਸਖਤ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਉਹ ਅੱਗੇ ਕੋਈ ਵੱਡਾ ਐਕਸ਼ਨ ਲੈਣ ਲਈ ਮਜਬੂਰ ਹੋਣਗੇ।


Punjabi Cultural Society Of
Tracy Presents
ਤੀਆਂ ਦਾ ਮੇਲਾ
KULWINDER BILLA
LADIES ONLY
4 ਅਗਸਤ, 2024, ਦਿਨ ਐਤਵਾਰ
I P F E S
PORTUGUESE HALL
400 W 9th St, Tracy, CA 95376
11:00AM - 7:00PM
Hosted By : ASHA SHARMA
ਇਲਾਕੇ ਦੀਆਂ ਸਮੂਹ ਪੰਜਾਬੀ ਮੁਟਿਆਰਾਂ ਵੱਲੋਂ
ਗਿੱਧਾ, ਭੰਗੜਾ, ਬੋਲੀਆਂ ਪਾ ਪੇਸ਼ ਕੀਤੀਆਂ ਜਾਣਗੀਆਂ
ਵੱਖ-ਵੱਖ ਸੱਭਿਆਚਾਰਕ ਵੰਨਗੀਆ ਤੇ ਦਿਲ ਖਿੱਚਵੇਂ ਰੰਗਾਂ -ਰੰਗ ਪ੍ਰੋਗਰਾਮ ।
ਲੱਗਣਗੇ ਹਾਰ- ਸ਼ਿੰਗਾਰ ਤੇ ਵੱਖੋ -ਵੱਖਰੇ ਖਾਣ ਪੀਣ ਦੇ ਸਟਾਲ, ਬੱਚਿਆਂ ਲਈ ਖੇਡਾਂ ਦਾ ਖ਼ਾਸ ਪ੍ਰਬੰਧ !
OUR PROUD SPONSORS
TRACY LIQUOR
NEW INDIAN SUPERMARKET
doaba
MOUNTAIN MIKE'S
LATHROP LIQUOR
PAAM
SUNSET LIQUORS
MART LIQUOR
SANSAR
dhaba Indian Cuisine
CASTLE WINTON PHARMACY
NorCal Liquors
NEW INDIAN
CLEANERS
CITY AUTO
Two Guy's
TANDOORI PIZZA
Dentistry
IMPERIAL SPICE
KRUSS TRUCKING
SUNRISE TRUCKING
ADVANCED Trucking
TRY-US TRANSPORTATION INC.
Sandhu Brothers
Sohi Realty LLC
LTA Bros Inc
Continental C Express Inc
Kamal Transport
ARCO ampm
SUBWAY
ਇਸ ਵਾਰ ਪਹਿਲਾਂ ਹੀ ਸਾਰੇ Vendors Book ਹਨ
ਵਧੇਰੇ ਜਾਣਕਾਰੀ ਲਈ ਕਾਲ ਕਰੋ : Tajinder Muhar :(209) 640-9521 | Rani Kahlon :(209) 683-6926

# ਮੁੱਖ ਮੰਤਰੀ ਮਾਨ ਨੇ ਜਲੰਧਰ ਪੱਛਮੀ ਵਿਚ ਜਨਤਕ ਰੈਲੀਆਂ ਨੂੰ ਕੀਤਾ ਸੰਬੋਧਨ

## ਲੋਕਾਂ ਨੂੰ 'ਆਪ' ਉਮੀਦਵਾਰ ਮੋਹਿੰਦਰ ਭਗਤ ਨੂੰ ਵੋਟ ਪਾਉਣ ਦੀ ਕੀਤੀ ਅਪੀਲ

ਜਲੰਧਰ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਨੂੰ ਜਲੰਧਰ ਪੱਛਮੀ ਦੇ ਵਾਰਡ ਨੰਬਰ 40 ਅਤੇ ਵਾਰਡ ਨੰਬਰ 45 'ਚ 'ਆਪ' ਉਮੀਦਵਾਰ ਮੋਹਿੰਦਰ ਭਗਤ ਲਈ ਚੋਣ ਪ੍ਰਚਾਰ ਕੀਤਾ ਅਤੇ ਲੋਕਾਂ ਨੂੰ ਮੋਹਿੰਦਰ ਭਗਤ ਨੂੰ ਵੋਟ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜਲੰਧਰ ਪੱਛਮੀ ਤੋਂ ਵਿਧਾਇਕ ਚੁਣੇ ਜਾਣ ਤੋਂ ਬਾਅਦ ਮੋਹਿੰਦਰ ਭਗਤ ਨੂੰ ਕੈਬਨਿਟ ਮੰਤਰੀ ਬਣਾਵਾਂਗੇ ਤਾਂ ਜੋ ਜਲੰਧਰ ਦੇ ਕੰਮ ਹੋਰ ਤੇਜ਼ੀ ਨਾਲ ਹੋ ਸਕਣ।

ਲੋਕਾਂ ਨੂੰ ਸੰਬੋਧਨ ਕਰਦਿਆਂ ਸੀਐਮ ਮਾਨ ਨੇ ਕਿਹਾ ਕਿ ਜਲੰਧਰ ਦੇ ਲੋਕ ਆਮ ਆਦਮੀ ਪਾਰਟੀ ਦੇ ਨਾਲ ਡੱਟ ਕੇ ਖੜੇ ਹਨ। 'ਆਪ' ਨੂੰ ਹਰ ਵਰਗ ਦੇ ਲੋਕਾਂ ਦਾ ਸਮਰਥਨ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਲੋਕਾਂ ਦੇ ਪਿਆਰ ਅਤੇ ਅਸ਼ੀਰਵਾਦ ਦਾ ਕਰਜ਼ਾ ਕਦੇ ਵੀ ਨਹੀਂ ਚੁਕਾ ਸਕਦੇ।

ਮਾਨ ਨੇ ਕਿਹਾ ਕਿ ਇਨ੍ਹਾਂ ਚੋਣਾਂ ਦੇ ਨਤੀਜੇ ਸਰਕਾਰ ਵਿੱਚ ਕੋਈ ਤਬਦੀਲੀ ਨਹੀਂ ਕਰ ਸਕਦੇ, ਨਾ ਤਾਂ ਸਾਡੀ ਸਰਕਾਰ ਡਿੱਗੇਗੀ ਤੇ ਨਾ ਹੀ ਕਿਸੇ ਹੋਰ ਦੀ ਸਰਕਾਰ ਬਣੇਗੀ, ਪਰ ਆਮ ਆਦਮੀ ਪਾਰਟੀ ਦੇ ਉਮੀਦਵਾਰ ਦੀ ਜਿੱਤ ਤੁਹਾਡਾ ਸਰਕਾਰ ਵਿਚ ਹਿੱਸਾ ਪਾਵੇਗੀ, ਜਿਸ ਸਦਕਾ ਇਸ ਇਲਾਕੇ ਦਾ ਵਿਕਾਸ ਹੋਰ ਤੇਜ਼ ਰਫ਼ਤਾਰ ਨਾਲ ਹੋਵੇਗਾ।

ਮਾਨ ਨੇ ਕਿਹਾ ਕਿ ਉਹ ਦੋਆਬੇ ਵਿੱਚ ਦਫ਼ਤਰ ਸਥਾਪਤ ਕਰਨ ਲਈ ਕਾਫੀ ਸਮੇਂ ਤੋਂ ਯੋਜਨਾ ਬਣਾ ਰਹੇ ਸਨ ਤਾਂ ਜੋ ਉਹ ਦੁਆਬੇ ਅਤੇ ਮਾਝਾ ਖੇਤਰ ਦੇ ਲੋਕਾਂ ਨੂੰ ਮਿਲ ਸਕਣ ਅਤੇ ਉਨ੍ਹਾਂ ਦੇ ਕੰਮ ਹੋ ਸਕਣ। ਉਨ੍ਹਾਂ ਕਿਹਾ ਕਿ ਇਸ ਜ਼ਿਮਨੀ ਚੋਣ ਦੌਰਾਨ ਇਕ ਚੰਗੀ ਗੱਲ ਸਾਹਮਣੇ ਆਈ ਹੈ ਕਿ ਉਹ ਆਖ਼ਰਕਾਰ ਉਸ ਯੋਜਨਾ ਨੂੰ ਅਮਲੀ ਜਾਮਾ ਪਹਿਨਾਉਣ ਵਿਚ ਕਾਮਯਾਬ ਹੋ ਗਏ ਅਤੇ ਇੱਥੇ ਆਪਣਾ ਦਫ਼ਤਰ ਸਥਾਪਿਤ ਕਰ ਲਿਆ। ਮਾਨ ਨੇ ਕਿਹਾ ਕਿ ਉਹ ਰੋਜ਼ਾਨਾ ਸਵੇਰੇ 500 ਲੋਕਾਂ ਨੂੰ ਜਲੰਧਰ ਸਥਿਤ ਆਪਣੀ ਰਿਹਾਇਸ਼ 'ਤੇ ਮਿਲਦੇ ਹਨ। ਹੁਣ ਲੋਕਾਂ ਨੂੰ ਆਪਣੇ ਕੰਮ ਕਰਵਾਉਣ ਲਈ ਚੰਡੀਗੜ੍ਹ ਨਹੀਂ ਜਾਣਾ ਪਵੇਗਾ, ਹੁਣ ਸਰਕਾਰ ਤੁਹਾਡੇ ਦਰਵਾਜ਼ੇ 'ਤੇ ਹੈ। ਇਸ ਨਾਲ ਤੁਹਾਡਾ ਸਮਾਂ ਵੀ ਬਚਦਾ ਹੈ। ਮਾਨ ਨੇ ਕਿਹਾ ਕਿ ਉਹ ਚੋਣਾਂ ਤੋਂ ਬਾਅਦ ਵੀ ਇਸ ਰਿਹਾਇਸ਼ 'ਚ ਹਫ਼ਤੇ ਵਿਚ 3-4 ਦਿਨ ਰਹਿਣਗੇ ਤਾਂ ਜੋ ਦੋਆਬਾ ਅਤੇ ਮਾਝਾ ਖੇਤਰ ਦੇ ਲੋਕਾਂ ਨੂੰ



ਮਿਲ ਸਕਣ।

ਮਾਨ ਨੇ ਕਿਹਾ ਕਿ ਭਾਜਪਾ ਦੀ ਨਫਰਤ ਅਤੇ ਧਰੁਵੀਕਰਨ ਦੀ ਰਾਜਨੀਤੀ ਪੰਜਾਬ ਵਿੱਚ ਕਦੇ ਵੀ ਨਹੀਂ ਚੱਲ ਸਕਦੀ। ਪੰਜਾਬ ਦੀ ਧਰਤੀ ਬਹੁਤ ਉਪਜਾਊ ਹੈ। ਇੱਥੇ ਨਫ਼ਰਤ ਦੇ ਬੀਜ ਨੂੰ ਕਦੇ ਵੀ ਉੱਗਣ ਨਹੀਂ ਦੇਵਾਂਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਪਣੇ ਗੁਰਪੁਰਬ, ਈਦ, ਦੀਵਾਲੀ ਅਤੇ ਕ੍ਰਿਸਮਸ ਇਕੱਠੇ ਮਨਾਉਂਦੇ ਹਨ। ਉਨ੍ਹਾਂ ਕਿਹਾ ਕਿ ਇੱਥੇ ਸਾਰੇ ਧਰਮਾਂ ਦੇ ਲੋਕ ਸ਼ਾਂਤੀ ਨਾਲ ਰਹਿੰਦੇ ਹਨ।

ਮਾਨ ਨੇ ਕਿਹਾ ਕਿ ਰਾਜਨੀਤੀ ਮਾੜੀ ਨਹੀਂ ਹੁੰਦੀ, ਇਸ ਵਿੱਚ ਮਾੜੇ ਲੋਕਾਂ ਦੀ ਗਿਣਤੀ ਹੀ ਸਮੱਸਿਆ ਹੈ। ਉਨ੍ਹਾਂ ਕਿਹਾ ਕਿ ਤੁਹਾਡੀ ਜ਼ਿੰਦਗੀ ਵਿਚ ਹਰ ਚੀਜ਼ ਦਾ ਫ਼ੈਸਲਾ ਰਾਜਨੀਤੀ ਨਾਲ ਹੁੰਦਾ ਹੈ, ਭਾਵੇਂ ਤੁਸੀਂ ਰਾਤ ਦੇ ਖਾਣੇ ਵਿਚ ਕੀ ਖਾਂਦੇ ਹੋ, ਇਸ ਲਈ ਇਸ ਤੋਂ ਦੂਰ ਨਾ ਭੱਜੋ, ਰਾਜਨੀਤੀ ਵਿਚ ਸਰਗਰਮੀ ਨਾਲ ਹਿੱਸਾ ਲਓ, ਬਦਲਾਅ ਲਿਆਓ। ਉਨ੍ਹਾਂ ਕਿਹਾ ਕਿ ਮੈਨੂੰ ਇਹ ਦੱਸਦਿਆਂ ਖ਼ੁਸ਼ੀ ਹੋ ਰਹੀ ਹੈ ਕਿ ਹਰ ਰੋਜ਼ ਨੌਜਵਾਨ ਉਨ੍ਹਾਂ ਕੋਲ ਆਉਂਦੇ ਹਨ ਅਤੇ 'ਆਪ' ਵਿੱਚ ਸ਼ਾਮਲ ਹੋ ਰਹੇ ਹਨ।

ਸੀਐਮ ਨੇ ਕਿਹਾ ਕਿ ਇੱਕ ਪੱਤਰਕਾਰ ਨੇ ਉਨ੍ਹਾਂ ਨੂੰ ਪੁੱਛਿਆ ਕਿ ਤੁਸੀਂ ਆਪਣੇ ਰੁਝੇਵੇਂ ਸਮੇਂ ਵਿਚੋਂ ਆਪਣੇ ਪਰਿਵਾਰ ਨੂੰ ਸਮਾਂ ਕਿਵੇਂ ਦਿੰਦੇ ਹੋ। ਮਾਨ ਨੇ ਕਿਹਾ ਕਿ ਪੂਰਾ ਪੰਜਾਬ ਮੇਰਾ ਪਰਿਵਾਰ ਹੈ, ਇਸ ਲਈ ਕੰਮ ਕਰਦੇ ਹੋਏ ਵੀ ਮੈਂ ਹਮੇਸ਼ਾ ਆਪਣੇ ਪਰਿਵਾਰ ਦੇ ਨਾਲ ਹਾਂ ਅਤੇ ਉਨ੍ਹਾਂ ਨਾਲ ਸਮਾਂ ਬਿਤਾਉਂਦਾ ਹਾਂ। ਉਨ੍ਹਾਂ ਕਿਹਾ ਕਿ ਉਨ੍ਹਾਂ 43 ਹਜ਼ਾਰ ਸਰਕਾਰੀ ਨੌਕਰੀਆਂ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਤੋਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਪੰਜਾਬ ਦੇ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ 'ਤੇ ਨੌਕਰੀਆਂ ਮਿਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਉਹ ਕਿਸੇ ਵੀ ਸਿਫ਼ਾਰਸ਼ ਨੂੰ ਸਵੀਕਾਰ ਨਹੀਂ ਕਰਦੇ ਭਾਵੇਂ ਉਹ ਉਨ੍ਹਾਂ ਦੇ ਆਪਣੇ ਵਿਧਾਇਕ ਦੀ ਹੀ ਕਿਉਂ ਨਾ ਹੋਵੇ। ਉਨ੍ਹਾਂ ਲੋਕਾਂ ਨੂੰ ਇਸ ਵਾਰ ਇਮਾਨਦਾਰ ਉਮੀਦਵਾਰ ਮੋਹਿੰਦਰ ਭਗਤ ਨੂੰ ਵੋਟ ਪਾਉਣ ਦੀ ਅਪੀਲ ਕੀਤੀ।

ਮਾਨ ਨੇ ਕਿਹਾ ਕਿ ਸਿਰਫ਼ ਆਮ ਆਦਮੀ ਪਾਰਟੀ (ਆਪ) ਹੀ ਨੌਜਵਾਨਾਂ ਅਤੇ ਆਮ ਲੋਕਾਂ ਨੂੰ ਪਲੇਟਫ਼ਾਰਮ ਅਤੇ ਮੌਕਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਵਰਗੀਆਂ ਰਵਾਇਤੀ ਪਾਰਟੀਆਂ ਵਿੱਚ ਆਮ ਲੋਕਾਂ ਲਈ ਕੋਈ ਥਾਂ ਨਹੀਂ ਹੈ। ਉਨ੍ਹਾਂ ਕਿਹਾ ਕਿ ਬਾਦਲ ਅਤੇ ਕੈਪਟਨ ਨੇ 25 ਸਾਲ ਪੰਜਾਬ 'ਤੇ ਰਾਜ ਕੀਤਾ, ਪਰ ਇਨ੍ਹਾਂ ਨੇ ਪੰਜਾਬ ਲਈ ਕੁਝ ਨਹੀਂ ਕੀਤਾ, ਇਸੇ ਕਰਕੇ ਉਨ੍ਹਾਂ (ਮਾਨ) ਵਰਗੇ ਲੋਕਾਂ ਨੂੰ ਸਿਆਸਤ ਵਿਚ ਆਉਣਾ ਪਿਆ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਵਰਗੇ ਲੋਕਾਂ ਤੋਂ ਇਹ ਹਜ਼ਮ ਨਹੀਂ ਹੋ ਰਿਹਾ ਕਿ ਆਮ ਲੋਕ ਮੁੱਖ ਮੰਤਰੀ, ਮੰਤਰੀ ਅਤੇ ਵਿਧਾਇਕ ਕਿਵੇਂ ਬਣ ਗਏ। ਉਨ੍ਹਾਂ ਅੱਗੇ ਕਿਹਾ ਕਿ ਪ੍ਰਮਾਤਮਾ ਸਭ ਕੁਝ ਚੰਗੇ ਲਈ ਕਰਦਾ ਹੈ, ਉਨ੍ਹਾਂ ਕਿਹਾ ਕਿ ਇਹ ਚੰਗੀ ਗੱਲ ਹੈ ਕਿ ਜਲੰਧਰ ਦੇ ਲੋਕਾਂ ਨੂੰ ਜਲਦ ਇੱਕ ਇਮਾਨਦਾਰ ਵਿਧਾਇਕ ਮਿਲ ਰਿਹਾ ਹੈ।

ਲੋਕਾਂ ਨੂੰ ਸੰਬੋਧਨ ਕਰਦਿਆਂ 'ਆਪ' ਉਮੀਦਵਾਰ ਮੋਹਿੰਦਰ ਭਗਤ ਨੇ ਇਸ ਜਨ ਸਭਾ 'ਚ ਐਨੀ ਵੱਡੀ ਗਿਣਤੀ 'ਚ ਪਹੁੰਚਣ 'ਤੇ ਲੋਕਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਕੁਝ ਲੋਕ ਇਹ ਕਹਿ ਰਹੇ ਹਨ ਕਿ ਮਾਨ ਸਰਕਾਰ ਵਿੱਚ ਕੰਮ ਨਹੀਂ ਹੋ ਰਹੇ ਪਰ ਇਹ ਕੋਰਾ ਝੂਠ ਹੈ। ਸੱਚ ਤਾਂ ਇਹ ਹੈ ਕਿ ਮਾਨ ਸਰਕਾਰ ਵਿੱਚ ਕੰਮ ਤਾਂ ਹੋ ਰਹੇ ਹਨ ਪਰ ਕੋਈ ਵੀ ਗੈਰ-ਕਾਨੂੰਨੀ ਜਾਂ ਭ੍ਰਿਸ਼ਟ ਕੰਮ ਨਹੀਂ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਪੰਜਾਬ ਵਿੱਚ ਬੇਮਿਸਾਲ ਕੰਮ ਕਰ ਰਹੀ ਹੈ।

# ਪੰਜਾਬ ਵਿੱਚ ਆਧਾਰ ਦਾ ਦਾਇਰਾ ਵਧਾਉਣਾ

## ਵਿਹਾਰਕ ਲਾਗੂਕਰਨ ਵਿਧੀ ਅਤੇ ਕਾਨੂੰਨੀ ਢਾਂਚੇ ਦੀ ਆਪਸੀ ਇਕਸਾਰਤਾ ਨਾਲ 'ਆਧਾਰ' ਪ੍ਰਭਾਵੀ ਪ੍ਰਸ਼ਾਸਨਿਕ ਸਾਧਨ ਵਜੋਂ ਉਭਰੇਗਾ: ਵਿਸ਼ੇਸ਼ ਮੁੱਖ ਸਕੱਤਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਰਾਜ ਵਿੱਚ ਆਧਾਰ ਦੇ ਪ੍ਰਭਾਵ ਨੂੰ ਵੱਧ ਤੋਂ ਵੱਧ ਵਧਾਉਣ ਦੇ ਉਦੇਸ਼ ਨਾਲ, ਯੂਆਈਡੀਏਆਈ ਦੇ ਖੇਤਰੀ ਦਫ਼ਤਰ, ਚੰਡੀਗੜ੍ਹ ਨੇ ਅੱਜ ਸਫਲਤਾਪੂਰਵਕ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ। ਇਸ ਦਾ ਉਦਘਾਟਨ ਵਿਸ਼ੇਸ਼ ਮੁੱਖ ਸਕੱਤਰ-ਕਮ-ਡਾਇਰੈਕਟਰ ਜਨਰਲ ਮਗਸੀਪਾ ਸ਼੍ਰੀ ਅਨਿਰੁੱਧ ਤਿਵਾਰੀ ਨੇ ਸ਼੍ਰੀਮਤੀ ਭਾਵਨਾ ਗਰਗ ਡੀ.ਡੀ.ਜੀ. ਯੂ.ਆਈ.ਡੀ.ਏ.ਆਈ., ਆਰ.ਓ. ਚੰਡੀਗੜ੍ਹ ਦੀ ਮੌਜੂਦਗੀ ਵਿੱਚ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ ਪਬਲਿਕ ਐਡਮਿਨਿਸਟਰੇਸ਼ਨ (ਮਗਸੀਪਾ) ਵਿਖੇ ਕੀਤਾ।

ਇਸ ਦੌਰਾਨ ਆਧਾਰ ਦੇ ਵੱਧ ਤੋਂ ਵੱਧ ਦਾਇਰੇ, ਤੇ ਪ੍ਰਭਾਵ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਆਧਾਰ ਦ ਕੰਮਕਾਜੀ ਪ੍ਰਣਾਲੀ, ਪ੍ਰਮਾਣਿਕਤਾ ਦੀ ਪ੍ਰਕਿਰਿਆ ਅਤੇ ਇਸ ਦੀ ਵਰਤੋਂ ਸਬੰਧੀ ਮਸਲਿਆਂ 'ਤੇ ਵੱਖ-ਵੱਖ ਪੇਸ਼ਕਾਰੀਆਂ ਦਿੱਤੀਆਂ ਗਈਆਂ।

ਵਰਕਸ਼ਾਪ ਵਿੱਚ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਦੇ ਡਾਇਰੈਕਟਰ-ਕਮ-ਵਿਸ਼ੇਸ਼ ਸਕੱਤਰ ਡਾ. ਸ਼ੇਨਾ ਅਗਰਵਾਲ, ਪ੍ਰਸ਼ਾਸਨਿਕ ਸੁਧਾਰ ਅਤੇ ਲੋਕ ਸ਼ਿਕਾਇਤਾਂ ਵਿਭਾਗ ਦੇ ਡਾਇਰੈਕਟਰ ਗਿਰੀਸ਼ ਦਿਆਲਨ ਸਮੇਤ ਵੱਖ-ਵੱਖ ਸਰਕਾਰੀ ਵਿਭਾਗਾਂ ਦੇ 60 ਤੋਂ ਵੱਧ ਨੁਮਾਇੰਦਿਆਂ ਨੇ ਭਾਗ ਲਿਆ।


ਇਸ ਸਮਾਗਮ ਵਿੱਚ ਯੂਆਈਡੀਏਆਈ ਅਤੇ ਪੰਜਾਬ ਦੇ ਪ੍ਰਸ਼ਾਸਕੀ ਢਾਂਚੇ ਨਾਲ ਸਬੰਧਤ ਪ੍ਰਮੁੱਖ ਸ਼ਖਸੀਅਤਾਂ ਦੀ ਅਗਵਾਈ ਵਿੱਚ ਬੜੀ ਡੂੰਘੀ ਵਿਚਾਰ- ਚਰਚਾ ਕੀਤੀ ਗਈ। ਵਰਕਸ਼ਾਪ ਵਿੱਚ ਪੰਜਾਬ ਵਿੱਚ ਆਧਾਰ ਦੀ ਇਨਰੋਲਮੈਂਟ ਅਤੇ ਵੈਰੀਫਿਕੇਸ਼ਨ ਨੂੰ ਅੱਗੇ ਵਧਾਉਣ 'ਤੇ ਵੀ ਜ਼ੋਰ ਦਿੱਤਾ ਗਿਆ। ਭਾਵਨਾ ਗਰਗ ,ਡੀ.ਡੀ.ਜੀ. ਯੂ.ਆਈ.ਡੀ.ਏ.ਆਈ. ਨੇ ਬੱਚਿਆਂ ਦੇ ਨਾਮਾਂਕਣ (ਇਨਰੋਲਮੈਂਟ) ਲਈ ਵੱਖ-ਵੱਖ ਵਿਭਾਗਾਂ ਦੇ ਏਕੀਕਰਣ ਦੀ ਮਹੱਤਤਾ ਨੂੰ ਉਭਾਰਿਆ, ਜਿਸ ਵਿੱਚ ਸਿਹਤ ਵਿਭਾਗ ਨੂੰ ਚਾਈਲਡ ਇਨਰੋਲਮੈਂਟ ਟੈਬਲੇਟ ਪ੍ਰਦਾਨ ਕਰਨਾ ਅਤੇ ਸਕੂਲਾਂ ਅਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਨੂੰ ਨਾਮਾਂਕਣ ਕਿੱਟਾਂ ਨਾਲ ਲੈਸ ਕਰਨਾ ਸ਼ਾਮਿਲ ਹੈ।

ਬਾਲਗਾਂ ਲਈ, ਸਖ਼ਤ ਫੀਲਡ ਵੈਰੀਫਿਕੇਸ਼ਨ ਪ੍ਰਕਿਰਿਆ ਲਾਗੂ ਕੀਤੀ ਗਈ ਹੈ। ਸ਼੍ਰੀਮਤੀ ਗਰਗ ਨੇ ਇਹ ਵੀ ਉਜਾਗਰ ਕੀਤਾ ਕਿ ਆਧਾਰ 'ਤੇ ਪ੍ਰਮਾਣਿਕਤਾ ਦੀ ਜਾਂਚ ਕਰਨ ਲਈ ਕਿਊਆਰ ਕੋਡ ਦੀ ਵਰਤੋਂ ਕੀਤੀ ਜਾ ਸਕਦੀ ਹੈ।

ਸੰਜੀਵ ਮਹਾਜਨ, ਡਾਇਰੈਕਟਰ, ਯੂ.ਆਈ.ਡੀ.ਏ.ਆਈ. ਨੇ ਸੁਚੱਜੇ ਸ਼ਾਸਨ ਅਤੇ ਜੀਵਨ ਦੀ ਸੌਖ ਲਈ ਆਧਾਰ ਦੇ ਸਿਧਾਂਤਾਂ ਅਤੇ ਕੰਮਕਾਜੀ ਪ੍ਰਣਾਲੀ , ਪ੍ਰਮਾਣਿਕਤਾ ਅਤੇ ਵਰਤੋਂ ਦੇ ਮਾਮਲਿਆਂ ਦੀ ਇੱਕ ਵਿਆਪਕ ਜਾਣਕਾਰੀ ਵੀ ਪੇਸ਼ ਕੀਤੀ।

ਉਨ੍ਹਾਂ ਦੇ ਸੈਸ਼ਨ ਤੋਂ ਬਾਅਦ ਸ੍ਰੀ ਜਗਦੀਸ਼ ਕੁਮਾਰ ਡਾਇਰੈਕਟਰ, ਯੂ.ਆਈ.ਡੀ.ਏ.ਆਈ. ਆਰ.ਓ ਚੰਡੀਗੜ੍ਹ ਦੇ ਡਿਪਟੀ ਡਾਇਰੈਕਟਰ ਆਸ਼ੂਤੋਸ਼ ਕੌਸ਼ਿਕ ਵੱਲੋਂ ਆਧਾਰ ਪ੍ਰਮਾਣਿਕਤਾ ਦੇ ਅਹਿਮ ਪਹਿਲੂਆਂ ਅਤੇ ਇਸ ਸਬੰਧੀ ਪ੍ਰਕਿਰਿਆਵਾਂ ਦੀਆਂ ਵਿਸਤ੍ਰਿਤ ਪੇਸ਼ਕਾਰੀਆਂ ਦਿੱਤੀਆਂ ਗਈਆਂ, ਜੋ ਪੰਜਾਬ ਭਰ ਵਿੱਚ ਸੁਰੱਖਿਅਤ ਅਤੇ ਭਰੋਸੇਮੰਦ ਸੇਵਾ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਮਹੱਤਵਪੂਰਨ ਹਨ।

ਵਰਕਸ਼ਾਪ ਦੀ ਸਮਾਪਤੀ ਦੌਰਾਨ ਸ਼੍ਰੀਮਤੀ ਗਰਗ ਨੇ ਆਧਾਰ ਐਕਟ ਦੇ ਸੈਕਸ਼ਨ 7 ਅਤੇ 4(4)(ਬੀ)(2) ਵਰਗੇ ਕਾਨੂੰਨੀ ਢਾਂਚੇ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਅਨਿਰੁੱਧ ਤਿਵਾੜੀ ਨੇ ਕਿਹਾ,'' ਵਿਹਾਰਕ ਤੌਰ ਤੇ ਲਾਗੂ ਕਰਨ ਸਬੰਧੀ ਰਣਨੀਤੀਆਂ ਨੂੰ ਕਾਨੂੰਨੀ ਢਾਂਚੇ ਨਾਲ ਇਕਸਾਰ ਕਰਕੇ, ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਆਧਾਰ ਸ਼ਾਸਨ ਅਤੇ ਭਲਾਈ ਲਈ ਇੱਕ ਮਜ਼ਬੂਤ ਤੇ ਬਿਹਤਰ ਸਾਧਨ ਵਜੋਂ ਕੰਮ ਕਰਦਾ ਰਹੇ''। ਪ੍ਰਤੀਭਾਗੀਆਂ ਨੇ ਪੂਰੇ ਸੈਸ਼ਨਾਂ ਦੌਰਾਨ ਪ੍ਰਾਪਤ ਹੋਈ ਜਾਣਕਾਰੀ ਅਤੇ ਤਾਲਮੇਲ ਦੀ ਸੁਹਿਰਦ ਭਾਵਨਾ 'ਤੇ ਸੰਤੁਸ਼ਟੀ ਪ੍ਰਗਟਾਈ।




SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828

# EXIT REALTY CONSULTANTS

150 W.Yosemite Ave.,Manteca ,CA ,95336



ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ

(ਘਰ , ਖਾਲੀ ਜ਼ਮੀਨ ,ਫ਼ਾਰਮ ,ਸਟੇਸ਼ਨ )

ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ

ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ

## Raman Bassi

Realtor DRE # 02162139



ਵਧੇਰੇ ਜਾਣਕਾਰੀ ਲਈ ਕਾਲ ਕਰੋ

Cell : 510-432-8122

Office : 209-823-1234

www.RamanBassi.EXITHOME.COM

RBassi@EXITHOME.com


IAPW
INTERNATIONAL ASSOCIATION of PUNJABI WOMEN
26TH ANNUAL
ONE N ONE ONLY
YUBA CITY
SHIPRA GOYAL
HARMANDEEP KAUR
GUEST APPEARANCE
SHIPRA GOYAL
TEEYAN DA Mela
TIME: 11AM TO 7PM
YUBA SUTTER FAIR GROUNDS
442 FRANKLIN AVEYUBA CITY, CA 95991
SEPT 1ST 2024
(SUNDAY BEFORE LABORDAY)
$10 MANDATORY RAFFLE
ENTRY TICKET AT THE GATE
FOR PARTICIPATION, BOOTH BOOKINGS
N SPONSORSHIP, PLEASE CONTACT
CALL : (530) 845-4800
JOT RANJIT KAUR
(HOST)
PARM TAKHAR
(HOST)
PINNU BRAR
MANINDER MAAN
NAVI GILL
HARDEEP BINNING
DALBIR RAI
JASWANT DHILLON
BAL K SINDAL
SANDEEP DEOL
MANDEEP KAUR
KEERAT TAKHAR
SUKHI JHUTTY
SITAL GORAYA
BAKHSHO VISLA
SHIVPREET BIHALA
NEETU HUNDAL
RAJINDER KAUR
( OWNER MEHFIL )

# ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION

*Where Hope Meets*

# IMMIGRATION OPPORTUNITIES

**USA SERVICES :**

- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

**INDIAN SERVICES :**

- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

**WE CAN HELP YOU WORK AND SETTLE IN COUNTRIES WORLDWIDE ALSO**

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

# ਪੰਜਾਬ ਸਰਕਾਰ ਵੱਲੋਂ 10 ਜੁਲਾਈ ਨੂੰ ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੇ ਵੋਟਰਾਂ ਲਈ ਸਥਾਨਕ ਛੁੱਟੀ ਦਾ ਐਲਾਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਸਰਕਾਰ ਨੇ 34-ਜਲੰਧਰ ਪੱਛਮੀ (ਐਸ.ਸੀ.) ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਦੇ ਮੱਦੇਨਜ਼ਰ 10 ਜੁਲਾਈ, 2024 (ਬੁੱਧਵਾਰ) ਨੂੰ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ-1881 ਤਹਿਤ 34-ਜਲੰਧਰ ਪੱਛਮੀ (ਐਸ.ਸੀ.) ਹਲਕੇ ਦੇ ਸਰਕਾਰੀ ਦਫ਼ਤਰਾਂ/ਬੋਰਡਾਂ/ਕਾਰਪੋਰੇਸ਼ਨਾਂ/ਵਿਦਿਅਕ ਸੰਸਥਾਵਾਂ ਲਈ ਸਥਾਨਕ ਛੁੱਟੀ ਦਾ ਐਲਾਨ ਕੀਤਾ ਹੈ। ਜੇਕਰ ਕੋਈ ਸਰਕਾਰੀ ਅਧਿਕਾਰੀ/ਕਰਮਚਾਰੀ 34-ਜਲੰਧਰ ਪੱਛਮੀ (ਐਸਸੀ) ਵਿਧਾਨ ਸਭਾ ਹਲਕੇ ਦਾ ਵੋਟਰ ਹੈ ਅਤੇ ਪੰਜਾਬ ਰਾਜ ਦੇ ਸਰਕਾਰੀ ਦਫ਼ਤਰਾਂ/ਬੋਰਡਾਂ/ਕਾਰਪੋਰੇਸ਼ਨਾਂ/ਸਰਕਾਰੀ ਵਿਦਿਅਕ ਅਦਾਰਿਆਂ ਵਿੱਚ ਕੰਮ ਕਰ ਰਿਹਾ ਹੈ ਤਾਂ ਉਹ ਸਮਰੱਥ ਅਧਿਕਾਰੀ ਨੂੰ ਆਪਣਾ ਵੋਟਰ ਪਛਾਣ ਪੱਤਰ ਦਿਖਾ ਕੇ 10 ਜੁਲਾਈ, 2024 ਨੂੰ ਇਸ ਵਿਸ਼ੇਸ਼ ਛੁੱਟੀ ਦਾ ਲਾਭ ਲੈਣ ਦੇ ਯੋਗ ਹੋਵੇਗਾ। ਇਹ ਛੁੱਟੀ ਅਧਿਕਾਰੀ/ਕਰਮਚਾਰੀ ਦੇ ਛੁੱਟੀ ਖਾਤੇ ਵਿੱਚੋਂ ਨਹੀਂ ਕੱਟੀ ਜਾਵੇਗੀ।

ਜ਼ਿਕਰਯੋਗ ਹੈ ਕਿ ਲੋਕ ਨੁਮਾਇੰਦਗੀ ਐਕਟ, 1951 ਦੀ ਧਾਰਾ 135 ਬੀ(1) ਦੇ ਉਪਬੰਧ ਅਨੁਸਾਰ, 10 ਜੁਲਾਈ 2024 (ਬੁੱਧਵਾਰ) ਨੂੰ ਜਲੰਧਰ ਪੱਛਮੀ (ਐਸਸੀ) ਵਿਧਾਨ ਸਭਾ ਹਲਕੇ ਦੇ ਕਿਸੇ ਵੀ ਕਾਰੋਬਾਰ, ਵਪਾਰ, ਉਦਯੋਗਿਕ ਉੱਦਮ ਜਾਂ ਕਿਸੇ ਵੀ ਕੰਮ ਵਿੱਚ ਨਿਯੁਕਤ ਸਾਰੇ ਵਿਅਕਤੀਆਂ ਨੂੰ ਵੋਟ ਪਾਉਣ ਲਈ ਇੱਕ ਅਦਾਇਗੀ ਛੁੱਟੀ ਘੋਸ਼ਿਤ ਕੀਤੀ ਗਈ ਹੈ।

# ਮੁੱਖ ਮੰਤਰੀ ਭਗਵੰਤ ਮਾਨ ਨੇ ਜਲੰਧਰ ’ਚ ਉਦਯੋਗਪਤੀਆਂ ਨਾਲ ਕੀਤਾ ਲੰਚ, ਵਪਾਰੀਆਂ ਦੇ ਮਸਲਿਆਂ ’ਤੇ ਕੀਤੀ ਚਰਚਾ

ਜਲੰਧਰ
ਸਾਂਝੀ ਸੋਚ ਬਿਊਰੋ



ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਨੂੰ ਜਲੰਧਰ 'ਚ ਵਪਾਰੀਆਂ ਨਾਲ ਮੀਟਿੰਗ ਕੀਤੀ ਅਤੇ ਸੰਬੋਧਨ ਕੀਤਾ। ਮੁੱਖ ਮੰਤਰੀ ਨੇ ਮੀਟਿੰਗ ਵਿੱਚ ਆਏ ਵਪਾਰੀਆਂ ਨਾਲ ਬੈਠ ਕੇ ਦੁਪਹਿਰ ਦਾ ਖਾਣਾ ਖਾਧਾ ਅਤੇ ਉਨ੍ਹਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।

ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਨੇ ਵਪਾਰੀਆਂ ਨਾਲ ਉਨ੍ਹਾਂ ਦੇ ਮੁੱਦਿਆਂ ਅਤੇ ਸਮੱਸਿਆਵਾਂ ਬਾਰੇ ਵੀ ਚਰਚਾ ਕੀਤੀ। ਉਨ੍ਹਾਂ ਕਈ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਮੌਕੇ ’ਤੇ ਹੀ ਹੱਲ ਕੀਤਾ ਅਤੇ ਕੁਝ ਨੂੰ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਮੁੱਖ ਮੰਤਰੀ ਮਾਨ ਨੇ ਜਲੰਧਰ ਦੇ ਵਪਾਰੀਆਂ ਨੂੰ ਜ਼ਿਮਨੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਸਾਥ ਦੇਣ ਦੀ ਅਪੀਲ ਕਰਦਿਆਂ ਮੋਹਿੰਦਰ ਭਗਤ ਨੂੰ ਵਿਧਾਇਕ ਬਣਾਉਣ ਲਈ ਕਿਹਾ। ਮੈਂ ਉਨ੍ਹਾਂ ਨੂੰ ਮੰਤਰੀ ਬਣਾਵਾਂਗਾ। ਫਿਰ ਮੈਂ ਮੋਹਿੰਦਰ ਭਗਤ ਨਾਲ ਮਿਲ ਕੇ ਤੁਹਾਡੀਆਂ ਸਾਰੀਆਂ ਸਮੱਸਿਆਵਾਂ ਦਾ ਹੱਲ ਕਰਾਂਗਾ। ਭਾਸ਼ਣ ਦੌਰਾਨ ਮੁੱਖ ਮੰਤਰੀ ਨੇ ਅਕਾਲੀ ਦਲ ਦੇ ਮੁਖੀ ਸੁਖਬੀਰ ਬਾਦਲ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਚਾਣਕਿਆ ਨੇ ਲਿਖਿਆ ਹੈ ਕਿ ਜਿਸ ਦੇਸ਼ 'ਚ ਰਾਜਾ ਵਪਾਰੀ ਹੋਵੇ, ਉੱਥੇ ਦੇ ਲੋਕ ਭਿਖਾਰੀ ਹੁੰਦੇ ਹਨ। ਪਰ ਬਦਕਿਸਮਤੀ ਨਾਲ ਪਿਛਲੀਆਂ ਸਰਕਾਰਾਂ 'ਚ ਬੈਠੇ ਕੁਝ ਲੋਕਾਂ ਨੇ ਖ਼ੁਦ ਬੱਸ, ਹੋਟਲ ਅਤੇ ਹੋਰ ਕਈ ਤਰ੍ਹਾਂ ਦੇ ਕਾਰੋਬਾਰ ਚਲਾਉਣੇ ਸ਼ੁਰੂ ਕਰ ਦਿੱਤੇ, ਜਿਸ ਨਾਲ ਸੂਬੇ ਦੀ ਆਰਥਿਕਤਾ ਨੂੰ ਭਾਰੀ ਨੁਕਸਾਨ ਪਹੁੰਚਿਆ ਅਤੇ ਸਰਕਾਰੀ ਖ਼ਜ਼ਾਨੇ ਨੂੰ ਚੂਨਾ ਲਗਾਇਆ ਗਿਆ। ਉਨ੍ਹਾਂ ਕਿਹਾ ਕਿ ਜਦੋਂ ਤੋਂ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਪੰਜਾਬ ਦੇ ਕਈ ਪ੍ਰਤਿਭਾਸ਼ਾਲੀ ਲੋਕ ਵਿਦੇਸ਼ਾਂ ਤੋਂ ਵਾਪਸ ਆ ਗਏ ਹਨ ਅਤੇ ਇੱਥੇ ਨਵੇਂ ਕਿਸਮ ਦੇ ਕਾਰੋਬਾਰ ਸ਼ੁਰੂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵਿੱਚ ਕਾਰੋਬਾਰੀਆਂ ਤੋਂ ਹਿੱਸਾ ਮੰਗਿਆ ਜਾਂਦਾ ਸੀ, ਜਿਸ ਕਾਰਨ ਉਹ ਪੰਜਾਬ ਛੱਡ ਕੇ ਜਾਂ ਤਾਂ ਵਿਦੇਸ਼ ਜਾਂ ਦੂਜੇ ਸੂਬਿਆਂ ਵਿੱਚ ਚਲੇ ਜਾਂਦੇ ਸਨ।

ਮੁੱਖ ਮੰਤਰੀ ਨੇ ਮਾਨਸਾ ਦੇ ਤਿੰਨ ਨੌਜਵਾਨਾਂ ਦੀ ਉਦਾਹਰਣ ਦਿੱਤੀ ਜੋ ਬਠਿੰਡਾ ਨੇੜੇ ‘ਪੰਜੋਏ’ ਨਾਮ ਦਾ ਵਾਟਰ ਪਾਰਕ ਚਲਾ ਰਹੇ ਹਨ। ਉਨ੍ਹਾਂ ਸਵੈ-ਸਹਾਇਤਾ ਸਮੂਹਾਂ ਨੂੰ ਚਲਾਉਣ ਵਾਲੀ ਸੰਸਥਾ 'ਪਹਿਲ' ਦੀ ਉਦਾਹਰਣ ਵੀ ਦਿੱਤੀ।

ਮਾਨ ਨੇ ਕਿਹਾ ਕਿ ਕਿਸੇ ਵੀ ਸੂਬੇ ਦੀ ਤਰੱਕੀ ਵਿੱਚ ਉਦਯੋਗ ਅਤੇ ਵਪਾਰ ਦਾ ਸਭ ਤੋਂ ਵੱਡਾ ਯੋਗਦਾਨ ਹੁੰਦਾ ਹੈ। ਉਦਯੋਗਾਂ ਦੇ ਵਿਕਾਸ ਨਾਲ ਹੀ ਬੇਰੁਜ਼ਗਾਰੀ ਦੀ ਸਮੱਸਿਆ ਨੂੰ ਖ਼ਤਮ ਕੀਤਾ ਜਾ ਸਕਦਾ ਹੈ। ਸੂਬੇ ਦਾ ਮਾਲੀਆ ਵੀ ਉਦਯੋਗ ਅਤੇ ਵਪਾਰ ਕਰਕੇ ਹੀ ਵਧ ਸਕਦਾ ਹੈ।

ਮੁੱਖ ਮੰਤਰੀ ਨੇ ਜਲੰਧਰ ਲਈ ਇੱਕ ਹੋਰ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਅਸੀਂ ਜਲੰਧਰ ਨੂੰ ਮਾਝਾ ਅਤੇ ਦੁਆਬਾ ਖੇਤਰ ਦੀ ਰਾਜਧਾਨੀ ਬਣਾਵਾਂਗੇ। ਹਰ ਹਫ਼ਤੇ ਮੈਂ ਖ਼ੁਦ ਅਧਿਕਾਰੀਆਂ ਨਾਲ ਦੋ ਦਿਨ ਇੱਥੇ ਆਵਾਂਗਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ ’ਤੇ ਹੀ ਹੱਲ ਕਰਾਂਗਾ। ਇੱਥੇ ਜੋ ਮਕਾਨ ਅਸੀਂ ਕਿਰਾਏ 'ਤੇ ਲਿਆ ਹੈ, ਉਹ ਇੱਥੇ ਦੇ ਲੋਕਾਂ ਲਈ ਸੀ.ਐੱਮ.ਓ. ਹੋਵੇਗਾ।

# ਮੁੱਖ ਮੰਤਰੀ ਦੇ ਨਿਰਦੇਸ਼ਾਂ ’ਤੇ ਮੁੱਖ ਸਕੱਤਰ ਵੱਲੋਂ ਡਿਪਟੀ ਕਮਿਸ਼ਨਰਾਂ ਨੂੰ ਮਾਨਸੂਨ ਸੀਜ਼ਨ ਦੌਰਾਨ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਤਿਆਰ ਬਰ ਤਿਆਰ ਰਹਿਣ ਦੀ ਹਦਾਇਤ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ’ਤੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਨਾਲ ਵੀਡੀਓ ਕਾਨਫਰੰਸ ਕਰਦਿਆਂ ਉਨ੍ਹਾਂ ਨੂੰ ਮਾਨਸੂਨ ਸੀਜ਼ਨ ਦੌਰਾਨ ਤਿਆਰ-ਬਰ-ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਤਾਂ ਜੋ ਲੋਕਾਂ ਨੂੰ ਕਿਸੇ ਵੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਪ੍ਰਮੁੱਖ ਸਕੱਤਰ, ਜਲ ਸਰੋਤ ਨੇ ਦੱਸਿਆ ਕਿ ਮੌਜੂਦਾ ਸਮੇਂ ਭਾਖੜਾ ਡੈਮ ਦਾ ਪੱਧਰ 1590 ਫੁੱਟ ਹੈ, ਜੋ ਪਿਛਲੇ ਸਾਲ ਦੇ ਪੱਧਰ ਨਾਲੋਂ 8 ਫੁੱਟ ਘੱਟ ਹੈ। ਇਸੇ ਤਰ੍ਹਾਂ ਪੌਂਗ ਡੈਮ ਪਿਛਲੇ ਸਾਲ ਨਾਲੋਂ 30 ਫੁੱਟ ਅਤੇ ਰਣਜੀਤ ਸਾਗਰ ਡੈਮ ਦਾ ਪੱਧਰ 34 ਫੁੱਟ ਘੱਟ ਹੈ। ਵਰਮਾ ਨੇ ਦੱਸਿਆ ਕਿ ਇਸ ਸਾਲ 252 ਕਰੋੜ ਰੁਪਏ ਦੀ ਲਾਗਤ ਨਾਲ ਹੜ੍ਹ ਰੋਕੂ ਕੰਮ ਕੀਤੇ ਜਾ ਰਹੇ ਹਨ, ਜੋ ਪਿਛਲੇ ਦੋ ਸਾਲਾਂ ਦੌਰਾਨ ਕੀਤੇ ਗਏ ਔਸਤ ਕੰਮਾਂ ਦਾ ਲਗਭਗ ਡੇਢ ਗੁਣਾ ਹੈ। ਸ੍ਰੀ ਵਰਮਾ ਨੇ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਸਬੰਧਤ ਜ਼ਿਲ੍ਹਿਆਂ ਵਿੱਚ ਮੁੜ ਤੋਂ ਸੰਵੇਦਨਸ਼ੀਲ ਥਾਵਾਂ ਦਾ ਦੌਰਾ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਉੱਥੇ ਹੜ੍ਹ ਰੋਕੂ ਕਾਰਜ ਤਸੱਲੀਬਖ਼ਸ਼ ਢੰਗ ਨਾਲ ਪੂਰੇ ਕੀਤੇ ਗਏ ਹਨ। ਉਨ੍ਹਾਂ ਡਿਪਟੀ ਕਮਿਸ਼ਨਰਾਂ ਨੂੰ ਪੂਰੇ ਮਾਨਸੂਨ ਸੀਜ਼ਨ ਦੌਰਾਨ ਪਿੰਡਾਂ ਵਿੱਚ ਸੰਵੇਦਨਸ਼ੀਲ ਥਾਵਾਂ ਦੇ ਨੇੜਲੀ ਵਸੋਂ ਦੇ ਨਿਰੰਤਰ ਸੰਪਰਕ ਵਿੱਚ ਰਹਿਣ ਦੇ ਵੀ ਨਿਰਦੇਸ਼ ਦਿੱਤੇ। ਵਰਮਾ ਨੇ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਕਿ ਸ਼ਹਿਰਾਂ ਵਿੱਚ ਸੀਵਰੇਜ ਸਿਸਟਮ ਦੀ ਸਫ਼ਾਈ ਦੀ ਮੁੜ ਜਾਂਚ ਕੀਤੀ ਜਾਵੇ। ਉਨ੍ਹਾਂ ਨੂੰ ਪਾਣੀ ਕੱਢਣ ਵਾਲੇ ਪੰਪਾਂ ਦੇ ਨਾਲ ਜੈਨਸੈੱਟ ਦੀ ਵਿਵਸਥਾ ਕਰਨਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ। ਡਿਪਟੀ ਕਮਿਸ਼ਨਰਾਂ ਨੂੰ ਵਾਟਰ ਪੰਪਿੰਗ ਸਟੇਸ਼ਨਾਂ 'ਤੇ ਜਨਰੇਟਰਾਂ ਦੇ ਪ੍ਰਬੰਧ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ। ਉਨ੍ਹਾਂ ਨੂੰ ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨਾਲ ਬਿਜਲੀ ਪ੍ਰਬੰਧਾਂ ਦਾ ਜਾਇਜ਼ਾ ਲੈਣ ਦੇ ਵੀ ਨਿਰਦੇਸ਼ ਦਿੱਤੇ ਗਏ ਤਾਂ ਜੋ ਮੀਂਹ ਦੇ ਦਿਨਾਂ ਦੌਰਾਨ ਬਿਜਲੀ ਸਪਲਾਈ ਵਿੱਚ ਵਿਘਨ ਨਾ ਪਵੇ। ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਕ੍ਰਿਸ਼ਨ ਕੁਮਾਰ ਨੇ ਦੱਸਿਆ ਕਿ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਗਭਗ 8.5 ਲੱਖ ਖਾਲੀ ਥੈਲੇ (ਈ.ਸੀ. ਬੈਗ) ਖਰੀਦੇ ਗਏ ਹਨ ਅਤੇ ਸੰਵੇਦਨਸ਼ੀਲ ਥਾਵਾਂ ਦੇ ਨੇੜੇ ਉਪਲਬਧ ਕਰਵਾਏ ਗਏ ਹਨ। ਡਿਪਟੀ ਕਮਿਸ਼ਨਰਾਂ ਨੇ ਦੱਸਿਆ ਕਿ ਉਹ ਐਮਰਜੈਂਸੀ ਦੀ ਸਥਿਤੀ ਵਿੱਚ ਪਾਣੀ ਵਾਲੀਆਂ ਥਾਵਾਂ ‘ਚੋਂ ਬਾਹਰ ਕੱਢਣ ਸਬੰਧੀ ਯੋਜਨਾਵਾਂ ਨੂੰ ਅਮਲ ਵਿੱਚ ਲਿਆਉਣ ਲਈ ਪੂਰੀ ਤਰ੍ਹਾਂ ਤਿਆਰ ਹਨ। ਸਾਰੇ ਜ਼ਿਲ੍ਹਿਆਂ ਵਿੱਚ ਫਲੱਡ ਕੰਟਰੋਲ ਰੂਮ ਸਥਾਪਿਤ ਕੀਤੇ ਗਏ ਹਨ। ਐਮਰਜੈਂਸੀ ਦੀ ਸਥਿਤੀ ਵਿੱਚ ਮਨੁੱਖਾਂ ਅਤੇ ਪਸ਼ੂ ਧਨ ਲਈ ਸੁਰੱਖਿਅਤ ਸਥਾਨਾਂ (ਸ਼ੈਲਟਰਾਂ) ਦੀ ਪਛਾਣ ਕੀਤੀ ਗਈ ਹੈ। ਵਰਮਾ ਨੇ ਕਿਹਾ ਕਿ ਸੂਬਾ ਸਰਕਾਰ ਦਿਨ-ਰਾਤ ਕੰਮ ਵਿੱਚ ਲੱਗੀ ਰਹੇਗੀ ਤਾਂ ਜੋ ਹੜ੍ਹਾਂ ਕਾਰਨ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਹੋਣਾ ਯਕੀਨੀ ਬਣਾਇਆ ਜਾ ਸਕੇ।

# ਪੰਜਾਬ ਵਿੱਚ ਝੋਨੇ ਦੀ ਸਿੱਧੀ ਬਿਜਾਈ ਨੂੰ ਮਿਲਿਆ ਹੁਲਾਰਾ, 15 ਫ਼ੀਸਦ ਰਕਬਾ ਵਧਿਆ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ (ਡੀ.ਐੱਸ.ਆਰ) ਨੂੰ ਅਪਣਾਉਣ ਲਈ ਕੀਤੇ ਯਤਨਾਂ ਨੂੰ ਵੱਡਾ ਹੁਲਾਰਾ ਮਿਲਿਆ ਹੈ। ਸਾਉਣੀ ਦੀ ਬਿਜਾਈ ਦਾ ਅੱਧਾ ਸੀਜ਼ਨ ਬਾਕੀ ਰਹਿਣ ਦੇ ਬਾਵਜੂਦ ਪਾਣੀ ਦੀ ਵੱਡੀ ਪੱਧਰ ਉਤੇ ਬੱਚਤ ਕਰਨ ਵਾਲੀ ਡੀ.ਐਸ.ਆਰ ਤਕਨੀਕ ਅਧੀਨ ਰਕਬੇ ਵਿੱਚ ਪਿਛਲੇ ਸਾਲ ਦੇ ਮੁਕਾਬਲੇ 15 ਫ਼ੀਸਦ ਵਾਧਾ ਦਰਜ ਕੀਤਾ ਗਿਆ ਹੈ। ਇਸ ਵਾਰ ਦੋ ਲੱਖ ਏਕੜ ਤੋਂ ਵੱਧ ਰਕਬੇ ਵਿੱਚ ਝੋਨੇ ਦੀ ਸਿੱਧੀ ਬਿਜਾਈ ਹੋ ਚੁੱਕੀ ਹੈ, ਜੋ ਕਿ ਪਿਛਲੇ ਸਾਲ ਸਮੁੱਚੇ ਸਾਉਣੀ ਸੀਜ਼ਨ ਦੌਰਾਨ 1.72 ਲੱਖ ਏਕੜ ਸੀ। ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਇਸ ਨੂੰ ਇੱਕ ਵੱਡੀ ਸਫ਼ਲਤਾ ਕਰਾਰ ਦਿੰਦਿਆਂ ਖੇਤੀਬਾੜੀ ਵਿਭਾਗ ਵੱਲੋਂ ਮਿੱਥੇ ਟੀਚੇ ਅਨੁਸਾਰ ਇਸ ਸੀਜ਼ਨ ਵਿੱਚ ਡੀ.ਐਸ.ਆਰ. ਤਕਨੀਕ ਅਧੀਨ 5 ਲੱਖ ਏਕੜ ਰਕਬੇ ‘ਚ ਝੋਨੇ ਦੀ ਸਿੱਧੀ ਬਿਜਾਈ ਹੋਣ ਦੀ ਆਸ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਡੀ.ਐਸ.ਆਰ. ਤਕਨੀਕ ਅਪਣਾਉਣ ਲਈ ਉਤਸ਼ਾਹਿਤ ਕਰਨ ਵਾਸਤੇ 1500 ਰੁਪਏ ਪ੍ਰਤੀ ਏਕੜ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ 2024-25 ਦੌਰਾਨ ਇਸ ਤਕਨੀਕ ਨੂੰ ਅਪਣਾਉਣ ਵਾਲੇ ਕਿਸਾਨਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ 50 ਕਰੋੜ ਰੁਪਏ ਰੱਖੇ ਗਏ ਹਨ। ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸਾਲ 2023-24 ਦੌਰਾਨ ਡੀ.ਐਸ.ਆਰ. ਤਕਨੀਕ ਅਪਣਾਉਣ ਵਾਲੇ 17,116 ਕਿਸਾਨਾਂ ਨੂੰ 20.33 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਸੀ। ਪੰਜਾਬ ਸਰਕਾਰ ਵੱਲੋਂ ਧਰਤੀ ਹੇਠਲਾ ਪਾਣੀ ਬਚਾਉਣ ਲਈ ਕੀਤੇ ਜਾ ਰਹੇ ਯਤਨਾਂ ਦਾ ਹਿੱਸਾ ਬਣਨ ਦੀ ਅਪੀਲ ਕਰਦਿਆਂ ਸੂਬੇ ਦੇ ਹੋਰ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜਿਹੜੇ ਕਿਸਾਨਾਂ ਨੇ ਝੋਨੇ ਦੀ ਸਿੱਧੀ ਬਿਜਾਈ ਕੀਤੀ ਹੈ, ਉਨ੍ਹਾਂ ਨੂੰ ਵਿੱਤੀ ਸਹਾਇਤਾ ਪ੍ਰਾਪਤ ਕਰਨ ਲਈ 15 ਜੁਲਾਈ, 2024 ਤੱਕ ਪੋਰਟਲ ਉਗਰਿਮਉਚਹਿਨਏਰੇਪਬ.ਚੋਮ ਉਤੇ ਰਜਿਸਟਰ ਕਰਨਾ ਹੋਵੇਗਾ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਡੀ.ਐਸ.ਆਰ. ਤਕਨੀਕ ਨਾ ਸਿਰਫ਼ ਪਾਣੀ ਦੀ ਸੰਭਾਲ ਵਿੱਚ ਸਹਾਈ ਹੁੰਦੀ ਹੈ, ਸਗੋਂ ਇਸ ਨਾਲ ਮਜ਼ਦੂਰੀ ਦੀ ਲਾਗਤ ਵੀ ਘਟਦੀ ਹੈ ਅਤੇ ਵਧੇਰੇ ਝਾੜ ਪ੍ਰਾਪਤ ਹੁੰਦਾ ਹੈ।

# ਅਮਰੀਕਾ ਦੇ ਐਟਲਾਂਟਾ ਸ਼ਹਿਰ ਨੇੜੇ 2 ਬੱਚਿਆਂ ਦੀ ਗੋਲੀਆਂ ਮਾਰ ਕੇ ਹੱਤਿਆ ਅਤੇ ਇਕ ਬੱਚਾ ਜ਼ਖ਼ਮੀ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਅਮਰੀਕਾ ਦੇ ਜਾਰਜੀਆ ਰਾਜ ਦੀ ਰਾਜਧਾਨੀ ਐਟਲਾਂਟਾ ਨੇੜੇ ਦੁਪਹਿਰ ਵੇਲੇ 13 ਸਾਲਾਂ ਦੇ 2 ਬੱਚਿਆਂ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦੇਣ ਦੀ ਖਬਰ ਹੈ।

ਐਟਲਾਂਟਾ ਪੁਲਿਸ ਵਿਭਾਗ ਅਨੁਸਾਰ ਗੋਲੀਬਾਰੀ ਦੀ ਇਹ ਘਟਨਾ ਜੋ ਐਟਲਾਂਟਾ ਦੇ ਦੱਖਣ ਪੱਛਮ ਵਿਚ ਓਕਲੈਂਡ ਸ਼ਹਿਰ ਵਿੱਚ ਵਾਪਰੀ, ਵਿਚ ਇਕ 12 ਸਾਲਾਂ ਦਾ ਬੱਚਾ ਗੋਲੀ ਵੱਜਣ ਕਾਰਨ ਜ਼ਖਮੀ ਵੀ ਹੋਇਆ ਹੈ। ਦੁਪਹਿਰ 12.30 ਵਜੇ ਕਿਸੇ ਵੱਲੋਂ ਫੋਨ ਕਰਨ 'ਤੇ ਪੁਲਿਸ ਅਫਸਰ ਮੌਕੇ 'ਤੇ ਪੁੱਜੇ ਤਾਂ ਉਨਾਂ ਨੂੰ ਇਕ ਅਪਾਰਟਮੈਂਟ ਕੰਪਲੈਕਸ ਵਿਚ 13 ਸਾਲਾਂ ਦੇ 2 ਬੱਚੇ ਤੇ ਇਕ 12 ਸਾਲਾਂ ਦਾ ਬੱਚਾ ਜ਼ਖਮੀ ਹਾਲਤ ਵਿਚ ਮਿਲੇ। 13 ਸਾਲਾਂ ਦੇ ਇਕ ਬੱਚੇ ਨੂੰ ਮੌਕੇ ਉਪਰ ਹੀ ਮ੍ਰਿਤਕ ਐਲਾਨ ਦਿੱਤਾ ਗਿਆ ਜਦ ਕਿ 13 ਸਾਲਾਂ ਦਾ ਦੂਸਰਾ ਬੱਚਾ ਹਸਪਤਾਲ ਵਿਚ ਦਮ ਤੋੜ ਗਿਆ। ਜ਼ਖਮੀ ਹੋਇਆ ਤੀਸਰਾ ਬੱਚਾ ਹਸਪਤਾਲ ਵਿਚ ਇਲਾਜ਼ ਅਧੀਨ ਹੈ। ਫੁਲਟੋਨ ਕਾਊਂਟੀ ਮੈਡੀਕਲ ਜਾਂਚ ਦਫਤਰ ਨੇ ਮ੍ਰਿਤਕ ਬੱਚਿਆਂ ਦੀ ਪਛਾਣ ਜਕੋਡੀ ਡੇਵਿਸ ਤੇ ਲੈਮਨ ਫਰੀਮੈਨ ਵਜੋਂ ਦੱਸੀ ਹੈ। ਹੋਮੀਸਾਇਡ ਯੁਨਿਟ ਕਮਾਂਡਰ ਲੈਫਟੀਨੈਂਟ ਐਂਡਰੀਊ ਸਮਿਥ ਨੇ ਜਾਰੀ ਇਕ ਬਿਆਨ ਵਿਚ ਕਿਹਾ ਹੈ ਕਿ ਫਿਲਹਾਲ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਇਸ ਸਬੰਧੀ ਮੌਕੇ ਦੇ ਗਵਾਹਾਂ ਦੀ ਮਦਦ ਲਈ ਜਾ ਰਹੀ ਹੈ। ਉਨਾਂ ਕਿਹਾ ਕਿ ਜਾਂਚਕਾਰ ਇਹ ਪਤਾ ਲਾਉਣ ਦਾ ਯਤਨ ਕਰ ਰਹੇ ਹਨ ਕਿ ਅਸਲ ਵਿਚ ਕੀ ਵਾਪਰਿਆ। ਮੌਕੇ 'ਤੇ ਪੁੱਜੇ ਸਮਿਥ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਇਹ ਘਟਨਾ ਬਹੁਤ ਦੁੱਖਦਾਈ ਹੈ ਜਿਸ ਵਿਚ ਦੋ ਬੱਚਿਆਂ ਦੀ ਮੌਤ ਹੋਈ ਹੈ।

Space available for Ad
Contact # +1 (209) 303-1260

Gillson
TRUCKING INC



# NOW Hiring
# Truck Drivers
# Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: $**0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health Dental Vision



## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205

925-400-9094 | ext.116, ext.130 and ext.144

info@teamgillson.com

## Get in Touch:

gillsontrucking
gillsontrucking
company/gillsontrucking
www.teamgillson.com

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ–ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ–ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।


WE HAVE THE CHEAPEST FARES TO INDIA
LEGEND TRAVEL
arc accredited agency
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA


AAA
TRUCK WASH
ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ
ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ
Our Locations :-
Delhi | Merced | Madera | Santa Nella
Tracy | San Fransisco | Corning
Old Truck Stop Gemco Ripon Next to Flying J, Santos Ave ਦੇ ਉੱਤੇ
Find nearest Location & Hours
Call at 1800-405-9274 or visit our website for
credit application to open credit account with our company
ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ
Tire Shop, Repair Shop, Oil & Lube Shop available on our locations
Website:- www.aaatruckwash.com

# ਮੈਰੀਲੈਂਡ ਸਟੇਟ ਦੀ ਅਜ਼ਾਦੀ ਪ੍ਰੇਡ ਵਿਚ ਸਿੱਖ ਕਮਿਊਨਿਟੀ ਦਾ ਰਿਹਾ ਬੋਲਬਾਲਾ

## ਸਿੱਖਸ ਆਫ਼ ਡੀਐਮਵੀ ਅਤੇ ਸਿੱਖਸ ਆਫ਼ ਯੂਐਸਏ ਦਾ ਫਲੋਟ ਵੱਖਰੀ ਛਾਪ ਛੱਡ ਗਿਆ




















**ਮੈਰੀਲੈਂਡ ਸੁਰਿੰਦਰ ਗਿੱਲ**

ਮੈਰੀਲੈਂਡ ਸਟੇਟ ਦੀ 90ਵੀ ਅਜ਼ਾਦੀ ਪ੍ਰੇਡ ਡੰਡਾਕ ਵਿੱਚ ਹੋਲਾਬਰਡ ਸਟ੍ਰੀਟ ਤੇ ਕਢੀ ਗਈ ਹੈ। ਜਿਸ ਵਿੱਚ ਇੱਕ ਸੌ ਵੀਹ ਫਲੋਟਾਂ ਤੇ ਸੌ ਤੋਂ ਉੱਪਰ ਜਥੇਬੰਦੀਆ ਨੇ ਹਿੱਸਾ ਲਿਆ ਹੈ। ਸੈਨੇਟਰ ਤੇ ਕਾਂਗਰਸਮੈਨ ਜੋ ਨਵੰਬਰ ਵਿੱਚ ਚੋਣਾਂ ਲੜ ਰਹੇ ਹਨ,ਉਹਨਾਂ ਵੱਲੋਂ ਵੀ ਆਪਣੇ ਚੋਣ ਪ੍ਰਚਾਰ ਬੱਸਾਂ ਤੇ ਸਮੱਗਰੀ ਰਾਹੀਂ ਹਿਸਾ ਲਿਆ ਹੈ।ਇਨਾਂ ਦੇ ਅਹੁਦੇਦਾਰਾਂ ਨੇ ਆਪਣੇ ਆਪਣੇ ਕੰਟੀਜੈਂਟ ਰਾਹੀਂ ਸ਼ਮੂਲੀਅਤ ਕੀਤੀ।ਮਾਰਸ਼ਲ ਆਰਟ ਦੀ ਸਿੱਖ ਟੀਮ ਨੇ ਪੂਰੇ ਰਾਹ ਤੇ ਗੱਤਕੇ ਦੇ ਜੋਹਰ ਦਿਖਾਏ। ਜੋ ਸਿੱਖੀ ਪਹਿਚਾਣ ਦੀ ਖਿੱਚ ਦਾ ਕਾਰਣ ਬਣੇ ਰਹੇ। ਬੱਚੇ ਤੇ ਬੱਚੀਆਂ ਵੱਲੋਂ ਗਤਕੇ ਰਾਹੀਂ ਵੱਖ ਵੱਖ ਜੋਹਰ ਦਿਖਾਏ ਗਏ ਤੇ ਜੋ ਅਮਰੀਕਨਾਂ ਲਈ ਅਚੰਭਾ ਸੀ। ਪਰ ਉਹਨਾਂ ਵੱਲੋਂ ਖੂਬ ਅਨੰਦ ਮਾਣਿਆ ਹੈ।ਸਿੱਖ ਫਲੋਟ ਜਿਸ ਤੇ ਸਿੱਖੀ ਪਹਿਚਾਣ ਤੇ ਧਾਰਮਿਕ ਰਹੁਰੀਤਾਂ ਦਾ ਪ੍ਰਦਰਸ਼ਨ ਗੋਲਡਨ ਟੈਂਪਲ, ਕੇਸਗੜ ਸਾਹਿਬ, ਮਾਰਸ਼ਲ ਆਰਟ ਤੇ ਸਟੈਚੂ ਆਫ ਲਿਬਰਟੀ ਦੀਆਂ ਤਸਵੀਰਾ ਨਾਲ ਲੈਸ ਵੱਖਰੀ ਛਾਪ ਛੱਡ ਗਿਆ ਹੈ। ਹਰੇਕ ਅਮਰੀਕਨ ਨੇ ਸਿੱਖ ਧਰਮ ਬਾਰੇ ਜਾਨਣ 'ਚ ਉਤਸੁਕਤਾ ਦਿਖਾਈ ਗਈ ਹੈ।ਹੈਪੀ ਫੋਰਥ ਜੁਲਾਈ ਤੇ ਯੂ ਐਸ ਏ ਸਲੋਗਨਾਂ ਨਾਲ ਹਰ ਸਿੱਖ ਨੇ ਅਮਰੀਕਨਾਂ ਨਾਲ ਸਾਂਝ ਪਾਈ ਹੈ। ਜੋ ਕਾਬਲੇ ਤਾਰੀਫ ਸੀ। ਪ੍ਰੇਡ ਦੀ ਅਗਵਾਈ ਸਿਖਸ ਆਫ ਡੀਐਮਵੀ ਤੋ ਅਮਰਜੀਤ ਸਿੰਘ ਸੰਧੂ ਪ੍ਰਧਾਨ, ਹਰਬੰਸ ਸਿੰਘ ਖਾਲਸਾ ਚੇਅਰਮੈਨ, ਦਲਜੀਤ ਸਿੰਘ ਬੱਬੀ , ਕੇ ਕੇ ਸਿੱਧੂ, ਜਿੰਦਰਪਾਲ ਸਿੰਘ ਬਰਾੜ, ਰਣਜੀਤ ਸਿੰਘ ਚਹਿਲ, ਜੱਸਾ ਸਿੰਘ ਤੇ ਪਰਮਜੀਤ ਸਿੰਘ, ਮਨਿੰਦਰ ਸਿੰਘ ਖਾਲਸਾ ਨੇ ਕੀਤੀ ਹੈ। ਬੀਬੀਆਂ, ਬੱਚਿਆਂ, ਬਜ਼ੁਰਗਾਂ ਨੇ ਅਮਰੀਕਨ ਝੰਡੀਆਂ ਰਾਹੀਂ ਵੇਖਣ ਵਾਲਿਆਂ ਦਾ ਸਵਾਗਤ ਕੀਤਾ।ਸਟੇਜ ਤੋਂ ਸਿੱਖਾਂ ਦੀਆਂ ਪ੍ਰਾਪਤੀਆਂ ਬਾਰੇ ਖੂਬ ਜ਼ਿਕਰ ਕੀਤਾ। ਇਹਨਾਂ ਦੀ ਸੇਵਾ, ਆਰਥਿਕਤਾ ਵਿਚ ਯੋਗਦਾਨ ਤੇ ਫੋਜ, ਪੁਲਿਸ ਤੇ ਵਪਾਰਕ ਸਾਂਝ ਬਾਰੇ ਜ਼ਿਕਰ ਕੀਤਾ। ਸਮੁੱਚੀ ਪ੍ਰੇਡ ਸਿੱਖੀ ਪਹਿਚਾਣ ਤੇ ਪ੍ਰਾਪਤੀਆਂ ਦੀ ਵੱਖਰੀ ਛਾਪ ਛੱਡ ਗਈ।ਡਾਕਟਰ ਸੁਰਿੰਦਰ ਸਿੰਘ ਗਿੱਲ, ਪਰਮਜੀਤ ਸਿੰਘ ਤੇ ਇਲਾਵਾ ਹਰਜੀਤ ਸਿੰਘ ਹੁੰਦਲ ਸਬਰੰਗ ਟੀ ਵੀ ਚੈਨਲ ਦਾ ਖ਼ਾਸ ਧੰਨਵਾਦ ਕੀਤਾ। ਗਤਕੇ ਵਿੱਚ ਹਿੱਸਾ ਲੈਣ ਵਾਲੇ ਤੇ ਸਿੰਘ, ਸਿੰਘਣੀਆਂ ਦਾ ਵੀ ਧੰਨਵਾਦ ਕੀਤਾ ਗਿਆ ਹੈ।ਇਸ ਪ੍ਰੇਡ ਵਿਚ ਸਿੱਖ ਕਮਿਊਨਿਟੀ ਦਾ ਬੋਲਬਾਲਾ ਰਿਹਾ ਹੈ।

# ਪੰਜਾਬ ਸਰਕਾਰ ਦਾ ਵੱਡਾ ਫੈਸਲਾ: ਔਰਤਾਂ ਦੇ ਸ਼ਸਕਤੀਕਰਨ ਲਈ ਹਰ ਜ਼ਿਲ੍ਹੇ ਵਿੱਚ ਜ਼ਿਲ੍ਹਾ ਹੱਬ ਦੀ ਸਥਾਪਨਾ: ਡਾ. ਬਲਜੀਤ ਕੌਰ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

"ਪੰਜਾਬ ਸਰਕਾਰ ਵਲੋਂ ਔਰਤਾਂ ਦੇ ਸ਼ਸਕਤੀਕਰਨ ਲਈ ਵੱਡਾ ਕਦਮ ਪੁੱਟਦੇ ਹੋਏ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਜ਼ਿਲ੍ਹਾ ਹੱਬ ਦੀ ਸਥਾਪਨਾ ਕੀਤੀ ਗਈ ਹੈ।" ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ 'ਚ ਔਰਤਾਂ ਦੇ ਸ਼ਸਕਤੀਕਰਨ, ਸੁਰੱਖਿਆ, ਭਲਾਈ ਅਤੇ ਔਰਤਾਂ ਦੇ ਸਿਹਤ ਦੇ ਮਿਆਰ ਨੂੰ ਉਪਰ ਚੁੱਕਣ ਲਈ ਵੱਖ-ਵੱਖ ਸਕੀਮਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਸ਼ਸਕਤੀਕਰਨ ਲਈ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਇਕ ਨਵੀਂ ਸ਼ਾਖਾ ਦੀ ਸਥਾਪਨਾ ਕੀਤੀ ਗਈ ਹੈ ਜਿਸ ਨੂੰ ਜ਼ਿਲ੍ਹਾ ਹੱਬ ਦਾ ਨਾਮ ਦਿੱਤਾ ਗਿਆ ਹੈ।ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਜ਼ਿਲ੍ਹਾ ਹੱਬ ਬਣਾਉਣ ਦਾ ਉਦੇਸ਼ "ਪੇਂਡੂ ਔਰਤਾਂ ਨੂੰ ਹੁਨਰ ਵਿਕਾਸ, ਰੁਜ਼ਗਾਰ, ਡਿਜੀਟਲ ਸਾਖਰਤਾ, ਆਰਥਿਕ ਸ਼ਕਤੀਕਰਨ ਸਿਹਤ ਅਤੇ ਪੋਸ਼ਣ ਦੇ ਮੌਕੇ ਪ੍ਰਦਾਨ ਕਰਨੇ ਅਤੇ ਔਰਤਾਂ ਨਾਲ ਸਬੰਧਤ ਸਕੀਮਾਂ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਲਈ ਗਤੀਵਿਧੀਆਂ ਕਰਨਾ ਹੈ।ਜ਼ਿਲ੍ਹਾ ਹੱਬ ਪੇਂਡੂ ਔਰਤਾਂ ਨੂੰ ਆਪਣੇ ਹੱਕਾਂ ਦਾ ਲਾਭ ਉਠਾਉਣ ਅਤੇ ਜਾਗਰੂਕਤਾ ਪੈਦਾ ਕਰਨ ਲਈ ਕੰਮ ਕਰੇਗੀ ਅਤੇ ਨਾਲ ਹੀ ਲਾਗੂ ਕੀਤੀਆਂ ਜਾ ਰਹੀਆਂ ਸਕੀਮਾਂ ਅਧੀਨ ਲਾਭ ਲੈਣ ਲਈ ਔਰਤਾਂ ਲਈ ਸਰਕਾਰ ਤੱਕ ਪਹੁੰਚ ਕਰਨ ਲਈ ਇੱਕ ਕੜੀ ਦਾ ਕੰਮ ਕਰੇਗੀ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਹੱਬ ਨਾਲ ਔਰਤਾਂ ਦੇ ਸ਼ਸਕਤੀਕਰਨ ਲਈ ਗ੍ਰਾਮ ਪੰਚਾਇਤ ਪੱਧਰ ਤੱਕ ਪੰਜਾਬ ਸਰਕਾਰ ਵਲੋਂ ਲਾਗੂ ਕੀਤੀਆਂ ਜਾ ਰਹੀਆਂ ਸਕੀਮਾਂ ਦਾ ਲਾਭ ਪਹੁੰਚਾਉਣਾ ਯਕੀਨੀ ਬਣਾਇਆ ਜਾਵੇਗਾ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵਲੋਂ ਜ਼ਿਲ੍ਹਾ ਹੱਬ ਰਾਹੀਂ 21 ਜੂਨ ਤੋਂ ਪੰਜਾਬ ਭਰ ਵਿੱਚ 100 ਦਿਨ ਦਾ ਜਾਗਰੂਕਤਾ ਅਭਿਆਨ ਸ਼ੁਰੂ ਕੀਤਾ ਗਿਆ। ਇਸ ਜਾਗਰੂਕਤਾ ਅਭਿਆਨ ਰਾਹੀਂ ਔਰਤਾਂ, ਬੱਚਿਆਂ ਦੀ ਸੁਰੱਖਿਆ ਅਤੇ ਸ਼ਕਤੀਕਰਨ ਨਾਲ ਸਬੰਧਤ ਸਾਰੀਆਂ ਸਕੀਮਾਂ ਅਤੇ ਕਾਨੂੰਨਾਂ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਲੋਕ ਪੰਜਾਬ ਸਰਕਾਰ ਵਲੋਂ ਲਾਗੂ ਕੀਤੀਆਂ ਜਾ ਰਹੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈ ਸਕਣ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਔਰਤਾਂ ਦੇ ਸ਼ਕਤੀਕਰਨ ਨਾਲ ਸਬੰਧਤ ਸਕੀਮਾਂ ਜਿਵੇਂ ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ ਜਿਸ ਦੇ ਤਹਿਤ ਪਹਿਲੇ ਬੱਚੇ ਲੜਕਾ ਜਾਂ ਲੜਕੀ ਅਤੇ ਦੂਜਾ ਬੱਚਾ ਸਿਰਫ ਲੜਕੀ ਦੇ ਜਨਮ ਤੇ ਯੋਗ ਲਾਭਪਾਤਰੀ ਔਰਤਾਂ ਦੁੱਧ ਪਿਲਾਉਣ ਵਾਲੀਆਂ ਮਾਵਾਂ ਨੂੰ ਕ੍ਰਮਵਾਰ 5000 ਰੁਪਏ ਅਤੇ 6000 ਰੁਪਏ ਦੀ ਵਿੱਤੀ ਸਹਾਇਤਾ ਦਿਤੀ ਜਾਂਦੀ ਹੈ, ਬਾਰੇ ਪ੍ਰਚਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਪਾਲਨਾ ਸਕੀਮ ਤਹਿਤ ਕੰਮ ਵਾਲੀਆਂ ਔਰਤਾਂ ਦੇ ਬੱਚਿਆਂ ਦੀ ਦੇਖਭਾਲ ਲਈ ਕ੍ਰੈੱਚ ਖੋਲ੍ਹੇ ਜਾਣੇ ਹਨ ਤਾਂ ਜੋ ਔਰਤਾਂ ਬੇਫਿਕਰ ਹੋ ਕਿ ਆਪਣੇ ਕੰਮ 'ਤੇ ਜਾ ਸਕਣ ਅਤੇ ਉਨ੍ਹਾਂ ਦਾ ਆਰਥਿਕ ਸ਼ਕਤੀਕਰਨ ਕੀਤਾ ਜਾ ਸਕੇ। ਸਖੀ ਵਨ ਸਟਾਪ ਸੈਂਟਰ ਸਕੀਮ ਜਿਸ ਦੇ ਤਹਿਤ ਕਿਸੇ ਵੀ ਤਰਾਂ ਦੀ ਹਿੰਸਾ ਤੋਂ ਪੀੜਿਤ ਔਰਤ ਨੂੰ ਮੁਫ਼ਤ ਸੇਵਾਵਾਂ ਦਿਤੀਆਂ ਜਾਂਦੀਆਂ ਹਨ ਅਤੇ ਵੂਮਨ ਹੈਲਪਲਾਈਨ 181 ਆਦਿ ਬਾਰੇ ਕਮਿਊਨਿਟੀ/ਸਕੂਲਾਂ/ਕਾਲਜਾਂ ਵਿੱਚ ਅਤੇ ਜ਼ਿਲ੍ਹਿਆਂ ਅਤੇ ਬਲਾਕਾਂ ਵਿੱਚ ਜਾਗਰੂਕਤਾ ਸੈਸ਼ਨ/ਕੈਂਪ ਲਗਾ ਕੇ ਜਾਗਰੂਕਤਾ ਫੈਲਾਈ ਜਾਵੇਗੀ। ਇਸ ਤੋਂ ਇਲਾਵਾ ਅਗਲੇ ਹਫਤੇ ਵਿੱਚ



'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਇਹ ਜਾਗਰੂਕਤਾ ਅਭਿਆਨ 4 ਅਕਤੂਬਰ 2024 ਤੱਕ ਚਲਾਇਆ ਜਾਵੇਗਾ।

# ਦਸਤ ਰੋਕੂ ਮੁਹਿੰਮ ਅਤੇ ਟੀਕਾਕਰਨ ਪ੍ਰੋਗਰਾਮ ਤਹਿਤ ਲਗਾਏ ਜਾ ਰਹੇ ਕੈਂਪਾਂ ਦਾ ਸਿਵਲ ਸਰਜਨ ਨੇ ਲਿਆ ਜਾਇਜ਼ਾ

**ਮਾਨਸਾ ਸਾਂਝੀ ਸੋਚ ਬਿਊਰੋ**

ਸਿਹਤ ਵਿਭਾਗ ਵੱਲੋਂ ਦਸਤ ਰੋਕੂ ਮੁਹਿੰਮ ਅਤੇ ਟੀਕਾਕਰਨ ਪ੍ਰੋਗਰਾਮ ਤਹਿਤ ਜ਼ਿਲ੍ਹੇ 'ਚ ਹਰ ਬੁੱਧਵਾਰ ਵਿਸ਼ੇਸ਼ ਟੀਕਾਕਰਨ ਕੈਂਪ ਅਤੇ 01 ਜੁਲਾਈ ਤੋਂ 30 ਅਗਸਤ ਤੱਕ ਦਸਤ ਰੋਕੂ ਮੁਹਿੰਮ ਅਧੀਨ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਸ ਸਬੰਧੀ ਸਿਵਲ ਸਰਜਨ ਡਾ.ਹਰਦੇਵ ਸਿੰਘ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਕੰਵਲਪ੍ਰੀਤ ਬਰਾੜ ਵੱਲੋਂ ਆਮ ਆਦਮੀ ਕਲੀਨਿਕ ਬਹਿਣੀਵਾਲ, ਸਬ ਸੈਂਟਰ ਚਹਿਲਾਂਵਾਲੀ, ਸਬ ਸੈਂਟਰ ਬਣਾਂਵਾਲੀ ਵਿਖੇ ਲਗਾਏ ਜਾ ਰਹੇ ਟੀਕਾਕਰਨ ਕੈਂਪਾਂ ਅਤੇ ਦਸਤ ਰੋਕੂ ਮੁਹਿੰਮ ਦਾ ਜਾਇਜ਼ਾ ਲਿਆ ਗਿਆ।ਸਿਵਲ ਸਰਜਨ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਬਾਲ ਮੌਤ ਦਰ ਨੂੰ ਘਟਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਦਸਤ ਰੋਗ ਦੇ ਇਲਾਜ ਦੀ ਸਹੀ ਜਾਣਕਾਰੀ ਨਾਲ ਹਰ ਸਾਲ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀਆਂ ਮੌਤਾਂ ਨੂੰ ਘਟਾਇਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਮਾਂ ਦੀ ਗਰਭ ਦੌਰਾਨ ਦੇਖਭਾਲ ਦੇ ਨਾਲ-ਨਾਲ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮੁਫਤ ਜਣੇਪੇ ਕੀਤੇ ਜਾ ਰਹੇ ਹਨ। ਬੱਚਿਆਂ ਨੂੰ ਮਾਰੂ ਰੋਗਾਂ ਤੋਂ ਬਚਾਉਣ ਲਈ ਜਨਮ ਤੋਂ ਹੀ ਮੁਫਤ ਟੀਕਾਕਰਨ ਸ਼ੁਰੂ ਕੀਤਾ ਜਾਂਦਾ ਹੈ ਅਤੇ ਹਰ ਬੁੱਧਵਾਰ ਨੂੰ ਜ਼ਿਲ੍ਹੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਬੱਚਿਆਂ ਦਾ ਟੀਕਾਕਰਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵਲੋਂ 12 ਮਾਰੂ ਰੋਗਾਂ ਦਾ ਮੁਫਤ ਟੀਕਾਕਰਨ ਕੀਤਾ ਜਾ ਰਿਹਾ ਹੈ ਅਤੇ ਟੀਕਾਕਰਨ ਦੌਰਾਨ ਵਧੀਆ ਕੁਆਲਟੀ ਦੀ ਵੈਕਸੀਨ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਵੈਕਸੀਨ ਦੇ ਰੱਖ-ਰਖਾਵ ਦੀ ਆਨ-ਲਾਈਨ ਨਿਗਰਾਨੀ ਕੀਤੀ ਜਾਂਦੀ ਹੈ, ਤਾਂ ਜੋ ਵੈਕਸੀਨ ਦੀ ਗੁਣਵੱਤਾ ਬਰਕਰਾਰ ਰੱਖੀ ਜਾ ਸਕੇ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਅਤੇ ਆਪਣੇ ਨੇੜਲੇ ਘਰਾਂ ਦੇ ਬੱਚਿਆਂ ਦਾ ਮੁਕੰਮਲ ਟੀਕਾਕਰਨ ਕਰਵਾਉਣ ਲਈ ਸਿਹਤ ਵਿਭਾਗ ਨੂੰ ਸਹਿਯੋਗ ਦੇਣ। ਕਿਉਂਕਿ ਜੇਕਰ ਕੁਝ ਬੱਚੇ ਮੁਕੰਮਲ ਟੀਕਾਕਰਨ ਤੋਂ ਵਾਂਝੇ ਰਹਿ ਜਾਂਦੇ ਹਨ ਤਾਂ ਉਸ ਰੋਗ ਦਾ ਖ਼ਤਰਾ ਸਮਾਜ 'ਤੇ ਬਣਿਆ ਰਹਿੰਦਾ ਹੈ। ਇਸ ਲਈ ਕਿਸੇ ਵੀ ਰੋਗ ਨੂੰ ਜੜ੍ਹੋਂ ਖਤਮ ਕਰਨ ਲਈ ਸਮਾਜ ਦੇ ਸਾਰੇ ਬੱਚਿਆਂ ਦਾ ਮੁਕੰਮਲ ਟੀਕਾਕਰਨ ਬਹੁਤ ਜਰੂਰੀ ਹੈ। ਉਨ੍ਹਾਂ ਸਿਹਤ ਵਿਭਾਗ ਮਾਨਸਾ ਦੇ ਸਟਾਫ਼ ਨੂੰ ਹਦਾਇਤ ਕਰਦਿਆਂ ਕਿਹਾ ਕਿ ਪੋਲੀਓ ਅਤੇ ਹੋਰ ਰੋਗਾਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਆਪਣੇ ਅਤੇ ਸਮਾਜ ਦੇ ਸਾਰੇ ਬੱਚਿਆਂ ਦਾ ਮੁਕੰਮਲ ਟੀਕਾਕਰਨ ਕਰਨਾ ਯਕੀਨੀ ਬਣਾਇਆ ਜਾਵੇ।


ਸਭ ਦੀ ਪਹਿਲੀ ਪਸੰਦ
JEWEL OF INDIA
Sweets & Restaurant
ਹਰ ਤਰ੍ਹਾਂ ਦੀਆਂ ਸਵਾਦਿਸ਼ਟ ਇੰਡੀਅਨ ਮਠਿਆਈਆਂ ਤੇ ਲਾਜਵਾਬ ਭੋਜਨ
ਵਿਆਹ - ਸ਼ਾਦੀਆਂ ਲਈ ਸਪੈਸ਼ਲ ਆਡਰ ਅਨੁਸਾਰ
ਤਾਜ਼ੀਆਂ ਮਠਿਆਈਆਂ ਤਿਆਰ ਕਰਵਾ ਸਕਦੇ ਹੋ
OPEN :
MONDAY -SUNDAY - 10:00 AM - 9:00 PM
Pick up or Delivery . Order Online at
www.JEWELOFINDIAINC.com
Veg & Non-Veg (BOTH)
VEG
NON-VEG
Order The Best
Indian Sweets
Sukhraj: (408) 637-1464
Ph: (408) 929-5117 | Fax: (408) 929-3894
Address: 2634 Alum Rock Ave San Jose, CA 95116





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# ARCPOINT LABS
## OF MANTECA

Accurate, Reliable, Confidential Testing.

**ਸਾਡੀਆਂ ਸੇਵਾਵਾਂ :**

**DOT ਦੇ Drug ਤੇ Alcohal Testing**
**Pre- Employment Testing | Physicals**
**Hair & Nail Testing |Immigration DNA**
**Paternity & Relationship DNA**

**Health Checkups ਜਿਵੇਂ :**


Cholestrol Test


Heart Health


Thyroid Test



Diabetes Test


Food Allergy



Vitamin & Nutrient Test

**ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ**




**ਵਧੇਰੇ ਜਾਣਕਾਰੀ ਲਈ ਕਾਲ ਕਰੋ :**

**(209) 629-8282 | (209) 505-6384**

**Address : 119. Maple AVe, Suite A Manteca, CA 95336**

# ਵਾਲਮੀਕ ਸਰਾਇਨ ਬੋਰਡ ਮੈਨੇਜ਼ਰ ਨੂੰ ਸੁਰੱਖਿਆ ਦੇਣ ਦੀ ਕੀਤੀ ਮੰਗ- ਸੰਤ ਸਮਾਜ

ਅੰਮ੍ਰਿਤਸਰ
ਸਾਂਝੀ ਸੋਚ ਬਿਊਰੋ



ਇਕ ਪ੍ਰੈਸ ਬਿਆਨ ਰਾਹੀਂ ਪਾਵਨ ਵਾਲਮੀਕ ਤੀਰਥ ਐਕਸ਼ਨ ਕਮੇਟੀ ਪੰਜਾਬ ਪ੍ਰਧਾਨ ਸ਼ਸ਼ੀ ਗਿੱਲ ਵੀਰ ਸ਼ਕਤੀ ਕਲਿਆਣ ਕੌਮੀ ਸੰਤ ਓਮ ਪ੍ਰਕਾਸ਼ ਅਨਾਰੀਆ ਸੰਤ ਮੇਘਨਾਥ ਵੀਰ ਅਸ਼ਵਨੀ ਸਹੋਤਾ ਡਾਕਟਰ ਦੇਵ ਸਿੰਘ ਆਦਿਵਾਸੀ ਬਾਬਾ ਪ੍ਰਗਟ ਨਾਥ ਰਹੀਮਪੁਰ ਕੌਮੀ ਗੁਰੂ ਦਰਸ਼ਨ ਰਤਨ ਰਾਵਣ ਡਾਕਟਰ ਐਸ ਐਲ ਵਿਰਦੀ ਵੀਰ ਵਿਜੇ ਦਾਨਾ ਦਿਲਬਾਗ ਮੁਕੇਸ਼ ਅਨਾਰੀਆ ਸੰਗਮਨਾਥ ਜਸਪਾਲ ਅਸੁਰ ਫਕੀਰ ਚੰਦ ਸਹੋਤਾ ਸੈਂਟਰਲ ਵਾਲਮੀਕ ਸਭਾ ਜਗੀਰ ਸਿੰਘ ਕਾਲੜੂ ਸਵਿਤਾ ਸਹੋਤਾ ਸੰਤ ਅਸ਼ੋਕ ਲੰਕੇਸ਼ ਜਲੰਧਰ ਡਾਕਟਰ ਵਰਡੈਚ ਮੂਲ ਨਿਵਾਸੀ ਸ਼ਕਤੀ ਮੋਰਚਾ ਐਸਐਸਪੀ ਦਿਹਾਤੀ ਤੋਂ ਮੰਗ ਕਰਦਿਆਂ ਕਿਹਾ ਕਿ ਜਿੱਥੇ ਬੀਤੇ ਕਈ ਦਿਨਾਂ ਤੋਂ ਤੀਰਥ ਦੀਆਂ ਮੁਸ਼ਕਲਾਂ ਪ੍ਰਤੀ ਵਾਦ ਵਿਵਾਦ ਚੱਲ ਰਿਹਾ ਹੈ ਉਹ ਪ੍ਰਸ਼ਾਸਨ ਨੂੰ ਵੀ ਪਤਾ ਹੈ ਸ੍ਰੀ ਵਾਲਮੀਕ ਤੀਰਥ ਕੰਪਲੈਕਸ ਦੀ ਮਰਿਆਦਾ ਨੂੰ ਸਰਵ ਉੱਚਤਾ ਰੱਖਣ ਲਈ ਪੰਜਾਬ ਸਰਕਾਰ ਦੁਆਰਾ ਲਗਾਏ ਗਏ ਜਰਨਲ ਮੈਨੇਜਰ ਕੁਛ ਰਾਜ ਨੂੰ ਸਮਾਜ ਦੇ ਹੀ ਰਹਿਣ ਵਾਲੇ ਕੁਝ ਸ਼ਰਾਰਤੀ ਅੰਸਰਾਂ ਵੱਲੋਂ ਮਾੜਾ ਚੰਗਾ ਬੋਲਿਆ ਜਾ ਰਿਹਾ ਹੈ ਉੱਥੇ ਕਈ ਪ੍ਰਕਾਰ ਦੀਆਂ ਸੋਸ਼ਲ ਮੀਡੀਆ ਉੱਪਰ ਵੀਡੀਓ ਵਾਇਰਲ ਕਰਕੇ ਸ੍ਰੀ ਵਾਲਮੀਕ ਤੀਰਥ ਦੀ ਆਸਥਾ ਨੂੰ ਢਾਲ ਲਗਾਉਣ ਦੀ ਪੂਰੀ ਕੋਸ਼ਿਸ਼ ਕੀਤੀ ਜਾ ਰਹੀ ਹੈ ਉਸ ਦੀ ਭਰਪੂਰ ਨਿੰਦਾ ਕਰਦੇ ਹਨ ਜਿੱਥੇ ਪਾਵਨ ਵਾਲਮੀਕ ਤੀਰਥ ਦੀ ਮਰਿਆਦਾ ਨੂੰ ਬਹਾਲ ਰੱਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਉਹ ਜਰਨਲ ਮੈਨੇਜਰ ਕੁਛ ਰਾਜ ਨੂੰ ਸੁਰੱਖਿਆ ਕਰਮਚਾਰੀ ਦੇ ਕੇ ਕਿਸੇ ਅਣਸਖਾਵੀ ਘਟਨਾ ਹੋਣ ਤੋਂ ਬਚਾਇਆ ਜਾਵੇ ਜੇਕਰ ਪ੍ਰਬੰਧਕ ਸਰਾਇਨ ਬੋਰਡ ਕੁਛ ਰਾਜ ਨੂੰ ਕੋਈ ਵੀ ਅਣਸੁਖਾਵੀ ਘਟਨਾ ਵਾਪਰਦੀ ਹੈ ਉਸਦੀ ਜਿੰਮੇਵਾਰੀ ਐਸਐਸਪੀ ਦਿਹਾਤੀ ਕਮਿਸ਼ਨਰ ਪੁਲਿਸ ਅੰਮ੍ਰਿਤਸਰ ਦੀ ਹੋਵੇਗੀ

ਜਰਨਲ ਮੈਨੇਜਰ ਕੁਛ ਰਾਜ ਨਾਲ ਫੋਨ ਤੇ ਇਸ ਪ੍ਰਤੀ ਗੱਲਬਾਤ ਕੀਤੀ ਉਹਨਾਂ ਕਿਹਾ ਕਿ ਸ੍ਰੀ ਵਾਲਮੀਕ ਤੀਰਥ ਵਿਖੇ ਕੁਝ ਮੁਸ਼ਕਿਲਾ ਨੂੰ ਲੈ ਕੇ ਕਈ ਵਾਲਮੀਕ ਸਮਾਜ ਦੇ ਆਗੂ ਉਹਨਾਂ ਨੂੰ ਤੰਗ ਪਰੇਸ਼ਾਨ ਕਰ ਰਹੇ ਹਨ ਇਸ ਵਿੱਚ ਕੋਈ ਸ਼ੱਕ ਨਹੀਂ ਜਦੋਂ ਵੀ ਕਿਤੇ ਕੋਈ ਅਫਸਰ ਜਾਂ ਮੰਤਰੀ ਸ੍ਰੀ ਵਾਲਮੀਕ ਤੀਰਥ ਵਿਖੇ ਪਹੁੰਚਦਾ ਹੈ ਸਾਡੀ ਡਿਊਟੀ ਬਣਦੀ ਹੈ ਕਿ ਉਸ ਨੂੰ ਇਤਿਹਾਸ ਤੋਂ ਜਾਣੂ ਕਰਵਾਉਦੇ ਆਂ ਕਰਵਾਉਂਦਿਆਂ ਉਨਾ ਮੁਸ਼ਕਲਾਂ ਪ੍ਰਤੀ ਦੱਸੀਏ ਤਾਂ ਉੱਥੇ ਉਹਨਾਂ ਦੀ ਬੇਇਜਤੀ ਅਤੇ ਉਹਨਾਂ ਨੂੰ ਡਰਾਉਣ ਧਮਕਾਉਣ ਦੀ ਕੋਈ ਕਸਰ ਨਹੀਂ ਛੱਡੀ ਜਾਂਦੀ ਕੱਲ ਉਹ ਲਿਖਤ ਰੂਪ ਵਿੱਚ ਕਮਿਸ਼ਨਰ ਪੁਲਿਸ ਅੰਮ੍ਰਿਤਸਰ ਨੂੰ ਦਰਖਾਸਤ ਦੇਣ ਲਈ ਪਹੁੰਚਣਗੇ ਜੇਕਰ ਉਹਨਾਂ ਦਾ ਕਿਸੇ ਤਰ੍ਹਾਂ ਦਾ ਵੀ ਨੁਕਸਾਨ ਹੁੰਦਾ ਹੈ ਤਾਂ ਉਹ ਜਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ

# ਰਿਤਿਕ ਅਰੋੜਾ ਨੂੰ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਦੀ ਨਵੀਂ ਜ਼ਿੰਮੇਵਾਰੀ ਮਿਲੀ

ਤਰਨ ਤਾਰਨ
ਸਾਂਝੀ ਸੋਚ ਬਿਊਰੋ




ਲੋਕ ਸਭਾ ਚੋਣਾਂ ਵਿੱਚ ਅਹਿਮ ਭੂਮਿਕਾ ਨਿਭਾਉਣ ਬਦਲੇ ਨੈਸ਼ਨਲ ਸਟੂਡੈਂਟਸ ਯੂਨੀਅਨ ਆਫ਼ ਇੰਡੀਆ (ਐਨ.ਐਸ.ਯੂ.ਆਈ.) ਦੇ ਆਗੂਆਂ ਨੂੰ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮਹਿੰਦਰਾ ਵੱਲੋਂ ਨਵੀਂ ਜ਼ਿੰਮੇਵਾਰੀ ਸੌਂਪੀ ਗਈ ਹੈ।

ਤਰਨਤਾਰਨ ਵਿਧਾਨ ਸਭਾ ਹਲਕੇ ਨਾਲ ਸਬੰਧਤ ਰਿਤਿਕ ਅਰੋੜਾ ਨੂੰ ਪੰਜਾਬ ਯੂਥ ਕਾਂਗਰਸ ਦਾ ਜਨਰਲ ਸਕੱਤਰ ਬਣਾਇਆ ਗਿਆ ਹੈ। ਰਿਤਿਕ ਅਰੋੜਾ ਨੇ ਵੀਰਵਾਰ ਨੂੰ ਮੋਹਿਤ ਮਹਿੰਦਰਾ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਪਾਰਟੀ ਨੂੰ ਮਜ਼ਬੂਤ ਕਰਨ ਲਈ ਨੌਜਵਾਨਾਂ ਨੂੰ ਇਕ ਮੰਚ 'ਤੇ ਇਕੱਠੇ ਕਰਨ ਦੀ ਜ਼ਿੰਮੇਵਾਰੀ ਨਿਭਾਉਣਗੇ।ਮੋਹਿਤ ਮਹਿੰਦਰਾ ਦਾ ਧੰਨਵਾਦ ਕਰਦੇ ਹੋਏ ਰਿਤਿਕ ਅਰੋੜਾ ਨੇ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਅਗਵਾਈ 'ਚ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨਗੇ।

ਕਈ ਸਾਲਾਂ ਤੱਕ ਕਾਂਗਰਸ ਭਵਨ ਟਰੱਸਟ ਦੇ ਚੇਅਰਮੈਨ ਰਹੇ ਜਨਕ ਰਾਜ ਅਰੋੜਾ ਦੇ ਪੋਤੇ ਰਿਤਿਕ ਅਰੋੜਾ ਨੇ 2015 ਵਿੱਚ ਨੈਸ਼ਨਲ ਸਟੂਡੈਂਟਸ ਯੂਨੀਅਨ ਆਫ ਇੰਡੀਆ ਵਿੱਚ ਸ਼ਾਮਲ ਹੋ ਗਏ। ਉਸ ਸਮੇਂ ਉਨ੍ਹਾਂ ਨੂੰ ਸ਼ਹਿਰੀ ਪ੍ਰਧਾਨ ਦੀ ਜ਼ਿੰਮੇਵਾਰੀ ਦਿੱਤੀ ਗਈ ਸੀ। 2017 ਵਿੱਚ ਉਨ੍ਹਾਂ ਨੂੰ ਵਿਧਾਨ ਸਭਾ ਹਲਕਾ ਤਰਨਤਾਰਨ ਦੇ ਪ੍ਰਧਾਨ ਦੀ ਜ਼ਿੰਮੇਵਾਰੀ ਮਿਲੀ। 2019 ਵਿੱਚ ਉਹ ਪੰਜਾਬ ਦੇ ਸਕੱਤਰ ਬਣੇ। 2019 ਵਿੱਚ ਉਨ੍ਹਾਂ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਸੀ। ਜਦੋਂ ਕਿ 2021 ਵਿੱਚ ਵੀ ਉਹ ਸੀਨੀਅਰ ਮੀਤ ਪ੍ਰਧਾਨ ਵਜੋਂ ਪੰਜਾਬ ਦੀ ਜ਼ਿੰਮੇਵਾਰੀ ਨਿਭਾਉਂਦੇ ਰਹੇ।

ਐਨਐਸਯੂਆਈ ਨੇ ਲੋਕ ਸਭਾ ਚੋਣਾਂ ਵਿੱਚ ਰਿਤਿਕ ਅਰੋੜਾ ਦੀ ਅਗਵਾਈ ਵਿੱਚ ਪੰਜਾਬ ਭਰ ਵਿੱਚ ਅਹਿਮ ਭੂਮਿਕਾ ਨਿਭਾਈ, ਜਿਸ ਕਾਰਨ ਰਿਤਿਕ ਅਰੋੜਾ ਨੂੰ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਮਿਲੀ।

ਰਿਤਿਕ ਅਰੋੜਾ ਨੇ ਦੱਸਿਆ ਕਿ ਪਾਰਟੀ ਦੇ ਸੂਬਾ ਪ੍ਰਧਾਨ ਮੋਹਿਤ ਮਹਿੰਦਰਾ ਨੇ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਤੇ ਪੰਜਾਬ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੇ ਹੁਕਮਾਂ 'ਤੇ ਪੰਜਾਬ ਯੂਥ ਕਾਂਗਰਸ ਦਾ ਜਨਰਲ ਸਕੱਤਰ ਬਣਾਇਆ ਹੈ। ਰਿਤਿਕ ਨੇ ਕਿਹਾ ਕਿ ਉਹ ਰਾਹੁਲ ਗਾਂਧੀ ਦੇ ਸੰਦੇਸ਼ ਨਾਲ ਨੌਜਵਾਨਾਂ ਨੂੰ ਇਕ ਮੰਚ 'ਤੇ ਇਕੱਠੇ ਕਰਨਗੇ।







SAN MARCO TEEYAN BAY POINT
PROUDLY PRESENTS ( NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
REFFEL DRAWING FOR GOLD ITEM
AND MORE PRIZES
Free Entry
Free Parking
PHOTO & VIDEOGRAPHY BY
PAL FILMS
GRAND SPONSOR
CHINNA JEWELERS
FOR MORE INFO & PARTICIPATION CALL
SONIA WALIA 925-565-6058
PARAMJIT NOKWAL 925-323-2523
HARPREET SUTTI 925-465-3414

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

STEER TIRE
295/75R22.5

With Installation
Singh: 510-766-9382

SPECIAL OFFER !!



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

## S. Singh Cell: (510) 766-9382

2955 N. Wilson Way Stockton , CA 95205

# ਪੰਜਾਬੀ ਫ਼ਿਲਮ ਐਂਡ ਟੀ.ਵੀ ਐਕਟਰਜ਼ ਐਸੋਸੀਏਸ਼ਨ (ਪਫਟਾ) ਦੀ ਨਵੀਂ ਕਮੇਟੀ ਦੀ ਹੋਈ ਚੋਣ

## ਪਦਮ ਸ਼੍ਰੀ ਨਿਰਮਲ ਰਿਸ਼ੀ ਪ੍ਰਧਾਨ ਅਤੇ ਬੀਨੂੰ ਢਿੱਲੋਂ ਬਣੇ ਮੀਤ ਪ੍ਰਧਾਨ

ਪੰਜਾਬੀ ਫਿਲਮ ਐਂਡ ਟੀ ਵੀ ਐਕਟਰ ਐਸੋਸੀਏਸ਼ਨ ਦਾ ਆਮ ਇਜਲਾਸ ਕਿਸਾਨ ਵਿਕਾਸ ਚੈਂਬਰ ਕਲਕਟ ਭਵਨ ਏਅਰਪੋਰਟ ਰੋਡ ਮੁਹਾਲੀ ਵਿਖੇ ਹੋਇਆ। ਜਿਸ ਵਿੱਚ ਇਕੱਠੇ ਹੋਏ ਸਮੂਹ ਮੈਂਬਰਾਂ ਦੀ ਹਾਜ਼ਰੀ ਵਿੱਚ ਸੰਸਥਾ ਦੇ ਜਨਰਲ ਸਕੱਤਰ ਮਲਕੀਤ ਸਿੰਘ ਰੋਣੀ ਵਲੋਂ ਪਫਟਾ ਦੀ ਪਿਛਲੇ ਦੋ ਸਾਲਾਂ ਦੀਆਂ ਦੀ ਕਾਰਗੁਜ਼ਾਰੀ ਅਤੇ ਪ੍ਰਾਪਤੀਆਂ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਗਿਆ।ਇਸ ਮੌਕੇ ਅਦਾਕਾਰ ਗੁਰਪ੍ਰੀਤ ਘੁੱਗੀ ਨੇ ਸੰਸਥਾ ਦੇ ਮਹੱਤਵ ਅਤੇ ਸੰਸਥਾਵਾਂ ਦੀ ਲੋੜ ਬਾਰੇ ਜਾਗਰੂਕ ਕੀਤਾ ਅਤੇ ਹਾਜ਼ਰੀਨ ਮੈਂਬਰਾਂ ਤੋਂ ਸੰਸਥਾ ਦੀ ਕਾਰਗੁਜ਼ਾਰੀ ਤੇ ਬਿਹਤਰੀ ਲਈ ਸੁਝਾਅ ਮੰਗੇ। ਇਸ ਮੌਕੇ ਬਹੁਤ ਸਾਰੇ ਮੈਂਬਰਾਂ ਨੇ ਸੰਸਥਾ ਵਲੋਂ ਉਨ੍ਹਾਂ ਦੇ ਰੁਕੇ ਕੰਮਾਂ ਵਿੱਚ ਮਦਦ ਕਰਨ ਲਈ ਧੰਨਵਾਦ ਕੀਤਾ।ਸੰਸਥਾ ਦੇ ਪ੍ਰਧਾਨ ਕਰਮਜੀਤ ਅਨਮੋਲ ਨੇ ਪੁਰਾਣੀ ਕਮੇਟੀ ਦੇ ਸਮੂਹ ਕਾਰਜਕਾਰੀ ਮੈਂਬਰਾਂ ਵਲੋਂ ਪਹਿਲੇ ਕਾਰਜਕਾਲ ਦੌਰਾਨ ਸਹਿਯੋਗ ਦੇਣ ਲਈ ਧੰਨਵਾਦ ਕੀਤਾ।

ਸੀਨੀਅਰ ਮੈਂਬਰ ਸਵਿੰਦਰ ਮਾਹਲ ਨੇ ਸੰਸਥਾ ਦੀ ਸ਼ੁਰੂਆਤ ਅਤੇ ਇਸ ਦੇ ਇਤਿਹਾਸ ਤੇ ਚਾਨਣਾ ਪਾਇਆ ਅਤੇ ਕਿਹਾ ਕਿ ਸੰਸਥਾ ਅੱਜ ਜਿਸ ਮੁਕਾਮ ਤੇ ਖੜੀ ਹੈ ਉਹ ਨਵੇਂ ਤੇ ਪੁਰਾਣੇ ਸਾਰੇ ਮੈਂਬਰਾਂ ਦਾ ਯੋਗਦਾਨ ਹੈ। ਸੰਸਥਾ ਦੇ ਮੀਤ ਪ੍ਰਧਾਨ ਬੀਨੂੰ ਢਿੱਲੋਂ ਨੇ ਕਿਹਾ ਕਿ ਪੰਜਾਬੀ ਫਿਲਮ ਇੰਡਸਟਰੀ ਅੱਜ ਭਾਰਤ ਦੀਆਂ ਬਾਕੀ ਖੇਤਰੀ ਫਿਲਮਾਂ ਨੂੰ ਟੱਕਰ ਦੇ ਰਹੀ ਹੈ ਅਤੇ ਭਵਿੱਖ ਇਸ ਨੂੰ ਹੋਰ ਉੱਤੇ ਲੈ ਕੇ ਜਾਣ ਦੀਆਂ ਸੰਭਾਵਨਾਵਾਂ ਹਨ।



ਇਸ ਮੌਕੇ ਗੁਰਪ੍ਰੀਤ ਘੁੱਗੀ ਵਲੋਂ ਨਵੀਂ ਨਾਮਜਦ ਕੀਤੀ ਗਈ ਕਾਰਗੁਜ਼ਾਰੀ ਕਮੇਟੀ ਦੇ ਅਹੁਦੇਦਾਰਾਂ ਦੀ ਲਿਸਟ ਪੜ੍ਹ ਕੇ ਸੁਣਾਈ ਗਈ। ਜਿਸ ਵਿੱਚ ਚੇਅਰਮੈਨ ਗੱਗੂ ਗਿੱਲ ਅਤੇ ਬਲਵਿੰਦਰ ਵਿੱਕੀ ਨੂੰ ਸੰਸਥਾ ਦਾ ਸਰਪ੍ਰਸਤ ਥਾਪਿਆ ਗਿਆ।ਇਸ ਤੋਂ ਇਲਾਵਾ ਪਦਮ ਸ੍ਰੀ ਨਿਰਮਲ ਰਿਸ਼ੀ ਨੂੰ ਪ੍ਰਧਾਨ ਅਤੇ ਬੀਨੂੰ ਢਿੱਲੋਂ ਨੂੰ ਮੀਤ ਪ੍ਰਧਾਨ ਨਾਮਜ਼ਦ ਕੀਤਾ ਗਿਆ।

ਇਸ ਦੇ ਨਾਲ ਹੀ ਬੀ ਐੱਨ ਸ਼ਰਮਾ ਨੂੰ ਜਰਨਲ ਸਕੱਤਰ, ਭਾਰਤ ਭੂਸ਼ਣ ਵਰਮਾ ਨੂੰ ਕੈਸ਼ੀਅਰ, ਸਵਿੰਦਰ ਮਾਹਲ ਨੂੰ ਪ੍ਰੈਸ ਸਕੱਤਰ, ਰਾਜ ਧਾਲੀਵਾਲ ਨੂੰ ਸਹਾਇਕ ਸਕੱਤਰ, ਪਰਮਜੀਤ ਸਿੰਘ ਭੰਗੂ ਨੂੰ ਸਹਾਇਕ ਵਿੱਤ ਸਕੱਤਰ, ਡਾਕਟਰ ਰਣਜੀਤ ਸ਼ਰਮਾ ਨੂੰ ਆਰਗੇਨਾਈਜਰ ਸੈਕਟਰੀ ਅਤੇ ਪੂਨਮ ਸੂਧ ਨੂੰ ਸਹਾਇਕ ਆਰਗੇਨਾਈਜਰ ਨਿਯੁਕਤ ਕੀਤਾ ਗਿਆ। ਇਸ ਮੌਕੇ ਬਨਿੰਦਰ ਬੰਨੀ ਅਤੇ ਦੀਦਾਰ ਗਿੱਲ ਨੂੰ ਨਵੇਂ ਮੈਂਬਰਾਂ ਦੇ ਤੌਰ ਤੇ ਸ਼ਾਮਿਲ ਕੀਤਾ ਗਿਆ।ਇਸ ਤੋਂ ਇਲਾਵਾ ਇੱਕ ਐਡਵਾਈਜ਼ਰੀ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਗੁਰਪ੍ਰੀਤ ਘੁੱਗੀ, ਕਰਮਜੀਤ ਅਨਮੋਲ, ਸੁਨੀਤਾ ਧੀਰ, ਗੁਰਪ੍ਰੀਤ ਭੰਗੂ, ਰੁਪਿੰਦਰ ਰੂਪੀ, ਸੀਮਾ ਕੌਸ਼ਲ, ਮਲਕੀਤ ਰੌਣੀ, ਵਿਨੋਦ ਸ਼ਰਮਾ, ਸੰਜੂ ਸੋਲੰਕੀ, ਨਵਦੀਪ ਕੌਰ ਨੀਲੂ ਅਤੇ ਇਹਾਨਾ ਢਿੱਲੋਂ ਦੇ ਨਾਮ ਸ਼ਾਮਲ ਹਨ। ਇਏ ਮੌਕੇ ਸੰਸਥਾ ਦੀ ਨਵੀਂ ਪ੍ਰਧਾਨ ਪਦਮਸ਼੍ਰੀ ਨਿਰਮਲ ਰਿਸ਼ੀ ਨੇ ਸੰਸਥਾ ਵਲੋਂ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਲਈ ਧੰਨਵਾਦ ਕੀਤਾ ਅਤੇ ਭਰੋਸਾ ਦਿਵਾਇਆ ਕਿ ਉਹ ਹਰ ਸਮੇਂ ਪਫਟਾ ਦੀ ਸੇਵਾ ਵਿੱਚ ਹਾਜ਼ਰ ਰਹਿਣਗੇ ਅਤੇ ਸੰਸਥਾ ਦੀ ਤਰੱਕੀ ਤੇ ਚੜਦੀਕਲਾ ਲਈ ਸਮੁੱਚੀ ਟੀਮ ਨੂੰ ਨਾਲ ਲੈ ਕੇ ਚਲਣਗੇ।ਸਮਾਗਮ ਦੇ ਆਖਰੀ ਬਲਵਿੰਦਰ ਵਿੱਕੀ ਨੇ ਆਏ ਹੋਏ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰਕਾਸ਼ ਗਾਧੂ, ਪਰਵਿੰਦਰ ਸ਼ਰਮਾ, ਤਜਿੰਦਰ ਤੂਰ, ਨਿਰਭੈ ਧਾਲੀਵਾਲ, ਹਰਵਿੰਦਰ ਔਜਲਾ, ਇਕੱਤਰ ਸਿੰਘ,ਜਸਗੁਣ ਕੌਰ, ਪ੍ਰਤੀ ਜੈਨ, ਅਨੀਤਾ ਸਵਦੀਸ਼, ਮਨਦੀਪ ਦੀਪ, ਅਨੀਤਾ ਖੰਨਾ, ਪ੍ਰਭਜੋਤ ਕੌਰ, ਸੁਰਜੀਤ ਕੌਰ, ਜੈਦੇਵ ਕੁਮਾਰ, ਭੁਪਿੰਦਰ ਬਰਨਾਲਾ ਅਤੇ ਅਮਨ ਜੌਹਲ ਆਦਿ ਵੀ ਮੌਜੂਦ ਰਹੇ।

**ਹਰਜਿੰਦਰ ਸਿੰਘ ਜਵੰਦਾ**






E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
$20 MONTHLY
SUBSCRIPTION
CRITICAL ENGINE DATA
Maintanence Entry
Tracking
Tire Pressure
Diagnostics
Refer temp.
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

**Email: palfilms@yahoo.com, palfilms925@gmail.com, www.palfilms.com**

**4007 Railroad Ave
Pittsburgh, CA 94565**




## ਸਮੁੱਚੀ ਲੋਕਾਈ ਨੂੰ ਸਾਂਝੀਵਾਲਤਾ ਦਾ ਉਪਦੇਸ਼ ਦੇਣ ਵਾਲੇ
# ਮਹਾਨ ਸੰਤ ਅਤੇ ਕਵੀ ਭਗਤ ਕਬੀਰ ਜੀ ਦੇ ਆਗਮਨ ਪੂਰਬ ਸੰਬੰਧੀ
## ਸਰਬੱਤ ਦੇ ਭਲੇ ਲਈ

# ਸ੍ਰੀ ਅਖੰਡ ਪਾਠ ਸਾਹਿਬ ਅਤੇ ਕਥਾ -ਕੀਰਤਨ

09,10 ਅਤੇ 11 ਅਗਸਤ ਦਿਨ ਸ਼ੁੱਕਰ, ਸ਼ਨੀ ਅਤੇ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ

**ਸੰਗਤ ਤੇ ਸੇਵਾਦਾਰਾਂ ਦੇ ਪਰਿਵਾਰਾਂ ਵੱਲੋਂ ਸੇਵਾ**

**09 ਅਗਸਤ, 2024**
(ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ)

**11 ਅਗਸਤ, 2024**
(ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ)

ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵੀ ਕੀਰਤਨ ਦੀਵਾਨ ਸੱਜਣਗੇ ਤੇ ਸੰਗਤਾਂ ਨੂੰ ਮਹਾਨ ਕੀਰਤਨੀਆਂ ਤੇ ਰਾਗੀਆਂ ਵੱਲੋਂ ਨਿਹਾਲ ਕੀਤਾ ਜਾਵੇਗਾ ।

## ਸੇਵਾਦਾਰ ਪਰਿਵਾਰਾਂ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ |

ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਪਹੁੰਚੋ ਤੇ ਆਪਣੀਆਂ ਹਾਜ਼ਰੀਆਂ ਲਗਵਾਓ ਜੀ

ਸਮੂਹ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਸਮਾਗਮ ਦੌਰਾਨ ਲੰਗਰ ਦੀ ਸੇਵਾ ਕਰਕੇ ਗੁਰੂ ਦੀਆਂ ਖੁਸ਼ੀਆਂ ਤੇ ਅਸ਼ੀਰਵਾਦ ਪ੍ਰਾਪਤ ਕਰੋ ਜੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : ਰਮੇਸ਼ ਸੁਮਨ : (925) 366 3618 | ਦਿਲਬਾਗ਼ ਸਿੰਘ (209) 834 4641 | ਵਿਨੋਦ ਕੁਮਾਰ : +1 (408) 718-2506

**SRI GURU RAVIDASS TEMPLE: 2150 CRESTVIEW DRIVE, PITTSBURG, CA 94565**



SANJHI SOCH

ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

# ਲਿਖਣਾ ਚਾਹੁੰਦੇ ਹੋ?

ਲਿਖਣਾ ਚਾਹੁੰਦੇ ਹੋ? ਤਾਂ ਉਸ ਕੁੱਤੀ ਦੀਆਂ ਅੱਖਾਂ ਬਾਰੇ ਲਿਖੋ ਜਿਸ ਦੇ ਕਤੂਰੇ ਦਾ ਧੜ ਸੜਕ ਤੋਂ ਲੰਘਦੇ ਟਾਇਰਾਂ ਨਾਲ ਚਿਪਕਿਆ ਹੋਇਆ ਹੈ। ਉਸ ਸ਼ਰਮਿੰਦਾ ਖੁਸਰਿਆਂ ਦੇ ਨੱਕ ਦੇ ਪਸੀਨੇ ਬਾਰੇ ਲਿਖੋ ਜੋ ਇੱਕ ਖੁਸਰੇ ਨੂੰ ਛੱਡ ਕੇ ਸਭ ਕੁਝ ਬਣਨਾ ਚਾਹੁੰਦਾ ਹੈ! ਤੁਸੀਂ ਉਸ ਨੌਜਵਾਨ ਹੱਥ ਦੇ ਕੰਬਣ ਬਾਰੇ ਲਿਖ ਸਕਦੇ ਹੋ ਜੋ ਨਾੜ ਨੂੰ ਬਲੇਡ ਨਾਲ ਕੱਟਣ ਦੇ ਫਾਇਦੇ ਅਤੇ ਨੁਕਸਾਨ ਨੂੰ ਤੋਲ ਰਿਹਾ ਹੈ! ਕਦੇ ਉਸ ਪੰਛੀ ਦੇ ਉੱਡਦੇ ਖੰਭਾਂ ਬਾਰੇ ਲਿਖਣ ਦੀ ਕੋਸ਼ਿਸ਼ ਕਰੋ ਜੋ ਇੱਕ ਬਾਜ਼ ਨੂੰ ਆਪਣੇ ਅੱਗੇ ਆਪਣੇ ਬੱਚੇ ਨੂੰ ਫੜੀ ਦੇਖ ਰਿਹਾ ਹੈ! ਜਾਂ ਉਸ ਮੁਰਗੀ ਦੇ ਕੰਨਾਂ ਬਾਰੇ ਲਿਖੋਜੋ ਦੋ ਗਾਹਕਾਂ ਦੀ ਝਗੜਾ ਅਤੇ ਹਲਾਲ ਬਹਿਸ ਨੂੰ ਧਿਆਨ ਨਾਲ ਸੁਣ ਰਹੇ ਹਨ! ਤੁਸੀਂ ਇੱਕ ਝੌਂਪੜੀ ਵਿੱਚ ਸਾਰੀ ਰਾਤ ਜਾਰੀ ਰਹਿਣ ਵਾਲੀ ਅੰਤਾਕਸ਼ਰੀ ਬਾਰੇ ਲਿਖੋ, ਜੋ ਟੁੱਟੀ ਹੋਈ ਛੱਤ ਤੋਂ ਪਾਣੀ ਦੇ ਟਪਕਣ ਕਾਰਨ ਹੋ ਰਹੀ ਹੈ। ਕਿਸੇ ਦਿਨ, ਉਸ ਅਪਾਹਜ ਵਿਅਕਤੀ ਦੀ ਸ਼ਰਮ ਨੂੰ ਇੱਕ ਪੰਨੇ 'ਤੇ ਪਾਓ ਜੋ ਬਾਥਰੂਮ ਵਿੱਚ ਪਹੁੰਚ ਕੇ ਫਰਸ਼ 'ਤੇ ਸ਼ੌਚ ਕਰਦਾ ਹੈ. ਤੁਸੀਂ ਲਿਖੋ ਤੇ ਉਸ ਬਾਂਝ ਅੱਖ ਦੀ ਚਮਕ ਵੇਖ ਲਓ ਜੋ ਵਾਸ਼-ਬੇਸਿਨ ਵਿੱਚ ਪਈ ਉਲਟੀ ਵਿੱਚ ਆਸ ਦੀ ਰੰਗੋਲੀ ਵੇਖਦੀ ਹੈ! ਤੁਸੀਂ ਚਾਹੋ ਤਾਂ ਉਸ ਟਿਊਬ-ਬੇਲ ਦੇ ਮੋਟੇ ਕਿਨਾਰੇ ਬਾਰੇ ਲਿਖ ਸਕਦੇ ਹੋ, ਜੋ ਕੁਝ ਨੰਗੇ ਬੱਚਿਆਂ ਦੀਆਂ ਪਿੱਠਾਂ ਨੂੰ ਚੁੰਮ ਕੇ ਝੋਨੇ ਨੂੰ ਸੁਨਹਿਰੀ ਕਰ ਦਿੰਦੀ ਹੈ।ਹਨ! ਸ਼ਹਿਰ ਦੀ ਸਭ ਤੋਂ ਉੱਚੀ ਇਮਾਰਤ ਦੀ ਰੇਲਿੰਗ 'ਤੇ ਖੜ੍ਹੇ ਇੱਕ ਹਾਰੇ ਹੋਏ ਨੌਜਵਾਨ ਦੀ ਬੱਸ ਨੂੰ ਫੜਨ ਬਾਰੇ ਲਿਖੋ! ਤੁਸੀਂ ਇੱਕ ਕਿਸਾਨ ਦੀ ਬੇਵਸੀ ਬਾਰੇ ਲਿਖਦੇ ਹੋ ਜੋ ਅਸਮਾਨ ਵਿੱਚ ਮੌਸਮੀ ਕਾਲੇ ਬੱਦਲਾਂ ਅਤੇ ਥੋੜ੍ਹੀ ਦੂਰੀ 'ਤੇ ਖੇਤ ਵਿੱਚ ਮਿਲ ਰਹੇ ਇੱਕ ਨਵੇਂ ਜੋੜੇ ਦੇ ਚਿਹਰਿਆਂ 'ਤੇ ਪਾਣੀ ਦੀਆਂ ਬੂੰਦਾਂ ਨੂੰ ਦੇਖਦਾ ਹੈ। ਜਾਂ ਸ਼ਮਸ਼ਾਨਘਾਟ ਵਿੱਚ ਇੱਕ ਮੋਢੇ ਉੱਤੇ ਘੁੰਮਦੇ ਘੜੇ ਦੇ ਮੋਰੀ ਵਿੱਚੋਂ ਡਿੱਗਦੇ ਪਾਣੀ ਦੇ ਛਿੱਟੇ ਬਾਰੇ ਲਿਖੋ, ਆਪਣੇ ਸਾਹਮਣੇ ਪਈ ਅੱਗ ਵਿੱਚ ਕਿਸੇ ਨੂੰ ਜਗਾਉਣ ਦੀ ਕੋਸ਼ਿਸ਼ ਕਰ ਰਹੇ ਹੋ! ਤੁਸੀਂ ਜੋ ਵੀ ਲਿਖਣਾ ਚਾਹੁੰਦੇ ਹੋ ਲਿਖੋ, ਪਰ ਇੱਕ ਪਤੀ ਰਹਿਤ ਔਰਤ ਦੀ ਕਹਾਣੀ ਵੀ ਲਿਖੋ ਜਿਸਦੇ ਸੁਪਨੇ ਪਲਾਂ ਵਿੱਚ ਚਕਨਾਚੂਰ ਹੋ ਗਏ ਜਦੋਂ ਉਸਦੇਚੂੜੀ ਟੁੱਟ ਗਈ ਹੋਵੇਗੀ, ਅਰਦਾਸ ਦਾ ਸਿੰਦੂਰ ਜ਼ਰੂਰ ਮਿਟ ਗਿਆ ਹੋਵੇਗਾ... ਜੇ ਹੋ ਸਕੇ ਤਾਂ ਉਸ ਬੱਚੇ ਦੇ ਵਿਸ਼ਵਾਸ ਬਾਰੇ ਲਿਖੋ ਜੋ ਛੱਤ ਤੋਂ ਛਾਲ ਮਾਰਨ ਵਾਲਾ ਹੈ ਕਿ ਸ਼ਕਤੀਮਾਨ ਆਵੇਗਾ! ਕਦੇ ਉਹਨਾਂ ਹੰਝੂਆਂ ਬਾਰੇ ਲਿਖਣਾ ਹੈ ਜੋ ਕਿਸੇ ਅਣਜਾਣ ਡਰ ਕਾਰਨ ਅੱਖਾਂ ਦੀ ਹੱਦ ਪਾਰ ਨਾ ਕਰ ਸਕੇ ਅਤੇ ਅੰਦਰ ਹੀ ਕਿਤੇ ਮਰ ਗਏ। ਅਤੇ ਉਹਨਾਂ ਦੋਸਤਾਂ ਦੇ ਹਾਸੇ ਬਾਰੇ ਵੀ ਜੋ ਇਸ ਨੂੰ ਸਿਰਫ ਇੱਕ ਮਜ਼ਾਕ ਸਮਝਦੇ ਹਨ! ਉਸ ਬੁੱਢੀ ਔਰਤ ਬਾਰੇ ਲਿਖੋ ਜੋ ਕਿਸੇ ਦੂਰ-ਦੁਰਾਡੇ ਪਹਾੜ ਤੋਂ ਵੱਡੇ ਸ਼ਹਿਰ ਵਿਚ ਇਕੱਲੀ ਆਈ ਅਤੇ ਇਕੱਲੀ ਹਸਪਤਾਲ ਵਿਚ ਇਲਾਜ ਕਰਵਾਉਣਾ ਸਾਰਾ ਜੰਗਲ ਕੱਟਣ ਨਾਲੋਂ ਜ਼ਿਆਦਾ ਔਖਾ ਲੱਗਦਾ ਹੈ।, ਉਸ ਭਿਖਾਰੀ ਦੀਆਂ ਖਿੱਲਰੀਆਂ ਪੁਤਲੀਆਂ ਅਤੇ ਸਾਹਮਣੇ ਤੋਂ ਆਉਂਦੇ ਵੱਡੇ ਵਾਹਨ ਨੂੰ ਦੇਖ ਕੇ ਅਚਾਨਕ ਵਧਣ ਵਾਲੇ ਦਰਦ ਬਾਰੇ ਲਿਖੋ! ਉਸ ਰਿਸ਼ਤੇਦਾਰ ਦੇ ਬਘਿਆੜ ਵਰਗੇ ਦੰਦਾਂ ਬਾਰੇ ਲਿਖੋ ਜੋ ਕਮਰੇ ਵਿਚ ਇਕੱਲੀ ਸੁੱਤੀ ਹੋਈ ਕੁੜੀ ਨੂੰ ਦੇਖ ਕੇ ਸੁੱਕ ਰਹੇ ਹਨ! ਇੱਕ ਗਾਰਡ ਦੇ ਬੋਰੀਅਤ ਦਾ ਬਹਾਨਾ ਲਿਖੋ ਜਿਸ ਵਿੱਚ ਸਵੇਰ ਤੋਂ ਇੱਕ ਹਜ਼ਾਰ ਕਾਰਾਂ ਅਤੇ ਦੋ ਹਜ਼ਾਰ ਮੋਟਰਸਾਈਕਲਾਂ ਦੇ ਡੈਬਿਟ ਅਤੇ ਕ੍ਰੈਡਿਟ ਹੋ ਚੁੱਕੇ ਹਨ! ਉਸ ਪੇਂਡੂ ਦਲਿਤ ਦੇ ਡਰ ਬਾਰੇ ਲਿਖੋ ਜਿਸ ਦੇ ਇਕਲੌਤੇ ਪੁੱਤਰ ਦੇ ਵਿਆਹ ਦਾ ਜਲੂਸ ਬੈਂਡ ਦੇ ਨਾਲ ਉੱਚ ਜਾਤੀ ਦੇ ਆਂਢ-ਗੁਆਂਢ ਵਿਚੋਂ ਲੰਘਣ ਵਾਲਾ ਹੈ। 'ਤੇ ਕੁਝ ਲਿਖੋ ਕਿਸੇ ਨੇ ਧਿਆਨ ਨਹੀਂ ਦਿੱਤਾ! ਲਿਖੋ ਕਿਉਂਕਿ ਤੁਹਾਡੀ ਰੂਹ ਦੇ ਲੁਕਵੇਂ ਫੋਲਡਰਾਂ ਵਿੱਚ ਤੁਹਾਡੇ ਕੋਲ ਬਹੁਤ ਸਾਰੀਆਂ ਕਹਾਣੀਆਂ ਹਨ! ਕੁਝ ਅਜਿਹਾ ਲਿਖੋ ਜਿਸ ਨੂੰ ਪੜ੍ਹ ਕੇ ਕੋਈ ਤਾਰੀਫ ਨਾ ਕਰੇ! ਲਿਖੋ ਤਾਂ ਜੋ ਤੁਸੀਂ ਜੋ ਲਿਖਦੇ ਹੋ ਉਸ ਦੀ ਚਰਚਾ ਨਾ ਹੋਵੇ! ਬੱਸ ਇਹ ਲਿਖੋ ਕਿ ਤੁਹਾਡੇ ਕੋਲ ਅਜੇ ਬਹੁਤ ਕੁਝ ਲਿਖਣਾ ਹੈ!

SUNSHINE AUTO CARE INC.
WE REPAIR ALL MAKES & MODELS. AUTO, DIESEL TRUCK & TRAILERS

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS
hablamos español
We Speak English, Spanish & Punjabi
We Provide Towing & 24/7 Mobile Road Services For All Autos, Trucks & Trailers
Open Monday to Saturday
Com-Check
T-Check
EFS Check
ACCEPTED HERE
VISA MasterCard AMERICAN EXPRESS DISCOVER NETWORK





1003 Moffat Blvd, Manteca CA 95336
209-239-1551


One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354

# SUNLIGHT ADULT DAY HEALTH CARE CENTRE

ਬੁਢਾਪੇ ਨੂੰ ਖ਼ੁਸ਼ਹਾਲ ਤੇ ਰੰਗੀਨ ਬਣਾਓ
ਨਵੀਆਂ-ਨਵੀਆਂ communities ਦੇ
ਲੋਕਾਂ ਨਾਲ ਬਿਤਾਓ ਸਮਾਂ



ਸੋਮਵਾਰ ਤੋਂ ਸ਼ੁਕਰਵਾਰ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ




Bus Pickup & Drop
ਸਾਫ਼- ਸੁਥਰਾ ਮਾਹੌਲ
Health Care Facility

Physical, Occupational & Speech Therapy
Dietition ਦੁਆਰਾ ਤਿਆਰ Nutritional Diet
ਮੈਡੀਕਲ ਸਹੂਲਤਾਂ Entertainment ਲਈ GAMES

ਅਸੀਂ ਤੁਹਾਡਾ ਮਨਪਸੰਦ 'ਇੰਡੀਅਨ ਖਾਣਾ' ਵੀ provide ਕਰਦੇ ਹਾਂ



ਅਗਰ ਤੁਹਾਡੇ ਕੋਲ ਮੈਡੀਕਲ ਹੈ ਤਾਂ ਸੈਂਟਰ ਵੱਲੋਂ
ਤੁਹਾਨੂੰ ਸਾਰੀਆਂ ਸੇਵਾਵਾਂ ਮੁਫ਼ਤ ਮਿਲਣਗੀਆਂ

ADDRESS:1581 Cummins Drive Suite 100, Modesto, CA 95358

CALL TODAY AT - (209) 408-0019
Email : sunlightadhc@yahoo.com

ਅਸੀਂ ਹਰ ਸਮੇਂ ਤੁਹਾਡੀ ਮਦਦ ਲਈ ਤਿਆਰ-ਬਰ -ਤਿਆਰ ਹਾਂ

# ਕੁਲਫ਼ੀ



ਮਿੱਠੀ-ਮਿੱਠੀ ਕੁਲਫ਼ੀ ਖਾਓ,
ਕੁਲਫੀ ਖਾ ਕੇ ਠੰਢ ਤੁਸੀਂ ਪਾਓ,
ਗਰਮੀਆਂ ਵਿੱਚ ਦੁੱਧ ਵਾਲੀ,
ਕੁਲਫ਼ੀ ਲੱਗਦੀ ਬੜੀ ਸੁਆਦ,
ਦੁਪਹਿਰ ਨੂੰ ਕੁਲਫ਼ੀ ਵਾਲਾ ਆਉਂਦਾ,
ਬੱਚਿਆਂ ਨੂੰ ਖ਼ੁਸ਼ੀ ਦੇ ਜਾਂਦਾ,
ਮਿੱਠੀ-ਮਿੱਠੀ ਕੁਲਫ਼ੀ ਖਾਓ,
ਕੁਲਫੀ ਖਾ ਕੇ ਠੰਢ ਤੁਸੀਂ ਪਾਓ,
ਮਿੱਠੀ-ਮਿੱਠੀ ਕੁਲਫ਼ੀ ਖਾਓ,
ਕੁਲਫੀ ਖਾ ਕੇ ਮੌਜ ਉਡਾਓ।



**ਸਿਮਰਨ ਕੌਰ, ਜਮਾਤ-ਪੰਜਵੀਂ**
**ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ,**
**ਗੰਭੀਰਪੁਰ ਲੋਅਰ, ਜਿਲ੍ਹਾ ਰੂਪਨਗਰ,**
**ਗਾਈਡ ਅਧਿਆਪਕ**
**ਮਾਸਟਰ ਸੰਜੀਵ ਧਰਮਾਣੀ**
9478561356

# ਹਕੀਕਤ

*-ਡਿੱਗਦਾ ਦੇਖ ਕੇ ਹੱਸਦੀ ਹੈ ਅਤੇ ਝੜਾਈ ਦੇਖ ਕੇ ਸੜਦੀ ਹੈ, ਇਹ ਦੁਨੀਆ ਦੋ ਮੂੰਹੀ ਹੈ ਸਜਣਾ ਪਿੱਠ ਪਿੱਛੇ ਨਿੰਦਿਆ ਤੇ ਮੂੰਹ ਤੇ ਵਾਹ ਵਾਹ ਕਰਦੀ ਹੈ।

*-ਲੰਘ ਗਈ ਦੀਵਾਲੀ ਚਲਾ ਲਏ ਬੰਬ, ਫੂਕ ਲਏ ਪੈਸੇ ਪੈ ਗਈ ਠੰਡ।

*-ਗਲਤੀਆਂ ਵੀ ਹੋਣਗੀਆਂ ਤੇ ਗਲਤ ਵੀ ਸਮਝਿਆ ਜਾਵੇਗਾ, ਇਹ ਜਿੰਦਗੀ ਹੈ ਜਨਾਬ ਇੱਥੇ ਤਾਰੀਫਾਂ ਵੀ ਹੋਣਗੀਆਂ ਤੇ ਕੋਸਿਆ ਵੀ ਜਾਵੇਗਾ।

*-ਐਵੇਂ ਹੀ ਤੂੰ ਉਡਦਾ ਫਿਰਦਾ, ਕਿਸੇ ਨਾ ਪੁੱਛਣੀ ਬਾਤ ਤੇਰੀ। ਸੱਭ ਕੁੱਝ ਧਰਿਆ ਰਹਿ ਜਾਣਾ, ਜਦ ਹੋਈ ਮੌਤ ਨਾਲ ਮੁਲਾਕਾਤ ਤੇਰੀ।
ਧਰਮ ਵੀ ਇੱਥੇ ਰਹਿ ਜਾਣਾ, ਰਹਿ ਜਾਣੀ ਕਿਧਰੇ ਜਾਤ ਤੇਰੀ। ਦੋ ਗਜ਼ ਮਿਲਣੀ ਧਰਤੀ ਬੰਦਿਆ, ਬਸ ਇੰਨੀ ਕੁ ਔਕਾਤ ਤੇਰੀ।

*-ਲੋਕ ਕਹਿੰਦੇ ਆ, ਪਿਆਰ ਮੁਹੱਬਤ ਇਸ਼ਕ ਬੜੀ ਕੁੱਤੀ ਚੀਜ਼ ਆ। ਉਹਨਾਂ ਨੂੰ ਕੋਈ ਪੁੱਛਣ ਵਾਲਾ ਹੋਵੇ, ਨਫ਼ਰਤ ਕਿਹੜਾ ਪਟਵਾਰੀ ਬਣਾ ਦਿੰਦੀ ਆ।

*-ਕਿੰਨਾ ਚੰਗਾ ਹੋਵੇ ਜੇਕਰ ਦਹੇਜ਼ ਵਿੱਚ ਕੁੜੀ ਦੀ ਪੜ੍ਹਾਈ ਦੀ ਡਿਗਰੀ ਮੰਗਣ ਲੱਗ ਜਾਣ, ਤਾਂ ਮਾਂ ਪਿਓ ਦਾਜ ਦੀ ਜਗ੍ਹਾ ਕੁੜੀਆਂ ਨੂੰ ਉੱਚੀ ਸਿੱਖਿਆ ਦਿਵਾਉਣ ਦੀ ਚਿੰਤਾ ਕਰਨ।

*-ਗਰੀਬ ਦੇ ਬੂਹੇ ਤੇ ਰੱਬ ਤੋਂ ਬਿਨ੍ਹਾਂ ਕਦੇ ਕੋਈ ਨਹੀਂ ਜਾਂਦਾ।

*-ਦਹੀਂ ਅਤੇ ਮੂਲੀ ਇਕੱਠੇ ਕਦੇ ਨਾ ਖਾਈਏ।

*-ਮੱਛੀ ਅਤੇ ਦੁੱਧ ਇਕੱਠੇ ਕਦੇ ਨਾ ਖਾਈਏ।

*-ਜਿਗਰ ਖਰਾਬ ਤਾਂ ਜਾਮਨ ਰੱਜ ਕੇ ਖਾਈਏ।

*-ਖ਼ੂਨ ਦੇ ਦੌਰੇ ਲਈ, ਬੇਹੀ ਰੋਟੀ ਦੁੱਧ ਚ ਭਿਊਂ ਕੇ ਨਿਰਨੇ ਕਾਲਜੇ ਖਾਈਏ।

*-ਜੇ ਬਾਰ ਬਾਰ ਪਿਸ਼ਾਬ ਆਉਂਦਾ ਤਾਂ ਕਾਲੇ ਤਿਲਾਂ ਨੂੰ ਗੁੜ ਚ ਕੁਟਕੇ ਖਾਈਏ।

*-ਦੰਦ ਪੀੜ ਦੀ ਥਾਂ ਤੇ ਸਰੋਂ ਦੇ ਤੇਲ ਚ ਹਲਦੀ ਮਿਲਾ ਕੇ ਲਾਉ ਤੇ ਆਰਾਮ ਪਾਉ।

*-ਸੱਪ ਦੇ ਕਟੇ ਨੂੰ, ਸਰੋਂ ਦੇ ਤੇਲ ਚ ਪਿਆਜ ਦਾ ਪਾਣੀ ਮਿਲਾਕੇ ਪਿਆਓ ਆਰਾਮ ਪਾਉ।

*-ਸਰੀਰ ਲਈ ਰਸ ਗਾਜਰ ਦਾ ਸੇਬ ਤੋਂ ਕਿਤੇ ਚੰਗਾ।

*-ਜੇ ਹੋਵੇ ਕਬਜ ਤਾਂ ਸਵੇਰੇ ਰਸ ਸੰਤਰੇ ਦਾ ਰੱਜ ਪੀਓ ਆਰਾਮ ਪਾਓ।

*-ਜੇ ਪੀਲਾ ਭੂੰਡ ਜਾਂ ਸ਼ਹਿਦ ਦੀ ਮੱਖੀ ਕੱਟ ਜਾਏ ਤਾਂ ਕੱਚਾ ਪਿਆਜ ਮਲੋ ਕੱਟ ਵਾਲੀ ਥਾਂ ਤੇ।



**Paramjit Singh Sekhon (Dakha)**
President, Dal Khalsa Alliance
1700 Shattuck Ave, # 303 Berkeley CA 94709. (510)774 5909.
*A Nonprofit Organization Dedicated to Public Awareness*




# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828

FAX: 916)258-0441, Cell: (916)308-7997

Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com



# Now Open New Banquet Hall in Sacramento

***For more info: Contact Paul : (916)334-6000***




# SONNY DHALIWAL

## for SUPERVISOR

**EXPERIENCED LEADERSHIP YOU CAN TRUST**

Paid for by Sonny Dhaliwal for County Supervisor 2024 FPPC#1459023


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330